**ਅੱਜ ਦਾ ਸ਼ੁਭ ਵਿਚਾਰ**



ਆਪਣਿਆਂ ਦੀਆਂ ਖੁਸ਼ੀਆਂ ਲਈ ਖੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ

www.lokbani.com

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 17 ਜਨਵਰੀ 2025

Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 215, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111







## ਟਰੂਡੋ ਵੱਲੋਂ ਵੀ ਅਗਲੀਆਂ ਚੋਣਾਂ ਨਾ ਲੜਨ ਦਾ ਐਲਾਨ



**ਵੈਨਕੂਵਰ, ਲੋਕ ਬਾਣੀ-** ਸਾਢੇ 9 ਸਾਲਾਂ ਤੋਂ ਕੈਨੇਡਾ ਦੇ ਪ੍ਰਧਾਨ ਮੰਤਰੀ ਦੇ ਅਹੁਦੇ ’ਤੇ ਬਿਰਾਜਮਾਨ ਲਿਬਰਲ ਪਾਰਟੀ ਆਗੂ ਜਸਟਿਨ ਟਰੂਡੋ ਨੇ ਕਿਹਾ ਹੈ ਕਿ ਉਹ ਕੈਨੇਡਾ ਦੀਆਂ ਆਗਾਮੀ ਸੰਸਦੀ ਚੋਣਾਂ ਮੌਕੇ ਚੋਣ ਮੈਦਾਨ ਵਿੱਚ ਨਹੀਂ ਕੁੱਦਣਗੇ। ਉਹ ਕਿਊਬੈਕ ਸੂਬੇ ਵਿਚਲੇ ਪੈਪਨਿਊ ਸੰਸਦੀ ਹਲਕੇ ਤੋਂ 2008 ਵਿੱਚ ਪਹਿਲੀ ਵਾਰ ਸੰਸਦ ਮੈਂਬਰ ਬਣੇ ਸਨ ਤੇ ਉਦੋਂ ਤੋਂ ਉਥੋਂ ਚੋਣ ਲੜਦੇ ਤੇ ਜਿੱਤਦੇ ਆ ਰਹੇ ਸਨ। ਟਰੂਡੋ ਨੇ ਇਹ ਗੱਲ ਅਮਰੀਕਾ ਦੇ ਮਨੋਨੀਤ ਰਾਸ਼ਟਰਪਤੀ ਡੋਨਲਡ ਟਰੰਪ ਵਲੋਂ ਅਗਲੇ ਹਫਤੇ ਅਹੁਦਾ ਸੰਭਾਲਣ ਤੋਂ ਬਾਅਦ ਕੈਨੇਡਾ ਤੋਂ ਅਮਰੀਕਾ ਵਿਚ ਦਰਾਮਦ ਹੁੰਦੀਆਂ ਵਸਤਾਂ ’ਤੇ 25 ਫੀਸਦ ਟੈਰਿਫ ਲਾਉਣ ਦੇ ਕੀਤੇ ਗਏ ਐਲਾਨ ਨਾਲ ਨਜਿੱਠਣ ਦੀਆਂ ਨੀਤੀਆਂ ਘੜਨ ਲਈ ਸੱਦੀ ਗਈ ਕੈਨੇਡੀਅਨ ਸੂਬਿਆਂ ਦੇ ਮੁੱਖ ਮੰਤਰੀਆਂ ਦੀ ਮੀਟਿੰਗ ਵਿੱਚ ਕਹੀ।

## ਡਿੱਗਣ ਕਾਰਨ ਪੋਪ ਫਰਾਂਸਿਸ ਨੂੰ ਬਾਂਹ ’ਤੇ ਸੱਟ ਲੱਗੀ




**ਰੋਮ, ਲੋਕ ਬਾਣੀ-** ਪੋਪ ਫਰਾਂਸਿਸ ਵੀਰਵਾਰ ਨੂੰ ਡਿੱਗ ਪਏ ਅਤੇ ਇਸ ਕਾਰਨ ਉਨ੍ਹਾਂ ਦੀ ਬਾਂਹ ’ਤੇ ਹੱਥ ਵਿੱਚ ਸੱਟ ਲੱਗ ਗਈ ਹੈ। ਇਹ ਜਾਣਕਾਰੀ ਵੈਟੀਕਨ ਨੇ ਇਕ ਬਿਆਨ ਵਿਚ ਦਿੱਤੀ ਹੈ।

ਗ਼ੌਰਤਲਬ ਹੈ ਕਿ ਪੋਪ ਦੇ ਜ਼ਾਹਰਾ ਤੌਰ ’ਤੇ ਡਿੱਗਣ ਦੀ ਇਹ ਕੁਝ ਹਫ਼ਤਿਆਂ ਵਿਚ ਹੀ ਦੂਜੀ ਘਟਨਾ ਵਾਪਰੀ ਹੈ। ਇਸ ਤੋਂ ਪਹਿਲਾਂ ਡਿੱਗਣ ਕਾਰਨ ਉਨ੍ਹਾਂ ਦੀ ਠੋਡੀ ‘ਤੇ ਬੁਰੀ ਤਰ੍ਹਾਂ ਸੱਟ ਲੱਗ ਗਈ ਸੀ।

ਵੈਟੀਕਨ ਦੇ ਬੁਲਾਰੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਅੱਜ ਦੀ ਡਿੱਗਣ ਦੀ ਘਟਨਾ ਕਾਰਨ ਪੋਪ ਫਰਾਂਸਿਸ ਦੀ ਬਾਂਹ ਨਹੀਂ ਟੁੱਟੀ ਪਰ ਤਾਂ ਵੀ ਉਨ੍ਹਾਂ ਦੀ ਬਾਹ ਨੂੰ ਚੌਕਸੀ ਵਜੋਂ ਇੱਕ ਸਲਿੰਗ ਲਗਾਈ ਗਈ ਹੈ। ਇੱਕ ਬਿਆਨ ਵਿੱਚ ਕਿਹਾ ਗਿਆ ਹੈ

## ਸੁਨੀਤਾ ਵਿਲੀਅਮਜ਼ ਨੇ ਸੱਤ ਮਹੀਨਿਆਂ ਮਗਰੋਂ ਕੀਤੀ ਸਪੇਸਵਾਕ




**ਅਮਰੀਕਾ ਪੰਕਜ ਰਾਜਪੂਤ--** ਭਾਰਤੀ ਮੂਲ ਦੀ ਅਮਰੀਕੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਨੇ ਕੌਮਾਂਤਰੀ ਪੁਲਾੜ ਸਟੇਸ਼ਨ ’ਤੇ ਸੱਤ ਮਹੀਨੇ ਤੋਂ ਵਧ ਸਮਾਂ ਗੁਜ਼ਾਰਨ ਮਗਰੋਂ ਪਹਿਲੀ ਵਾਰ ਸਪੇਸਵਾਕ ਕੀਤੀ। ਸਟੇਸ਼ਨ ਕਮਾਂਡਰ ਸੁਨੀਤਾ ਵਿਲੀਅਮਜ਼ ਨੇ ਨਾਸਾ ਦੇ ਨਿਕ ਹੇਗ ਨਾਲ ਮਿਲ ਕੇ ਕੁਝ ਜ਼ਰੂਰੀ ਬਾਹਰੀ ਮੁਰੰਮਤ ਦਾ ਕੰਮ ਕੀਤਾ। ਉਹ ਤੁਰਕਮੇਨਿਸਤਾਨ ਤੋਂ 260 ਮੀਲ ਉਪਰ ਆਰਬਿਟ ਲੈਬ ਤੋਂ ਬਾਹਰ ਨਿਕਲੇ ਸਨ। ਯੋਜਨਾ ਮੁਤਾਬਕ ਅਗਲੇ ਹਫ਼ਤੇ ਸੁਨੀਤਾ ਅਤੇ ਬੁੱਚ ਵਿਲਮੋਰ ਦੁਬਾਰਾ ਤੋਂ ਸਪੇਸਵਾਕ ਕਰਨਗੇ। ਇਸ ਤੋਂ ਪਹਿਲਾਂ ਪਿਛਲੇ ਸਾਲ ਵੀ ਕੂਲਿੰਗ ਲੂਪ ’ਚ ਸਮੱਸਿਆ ਆਈ ਸੀ। ਇਹ ਵਿਲੀਅਮਜ਼ ਦੀ ਅੱਠਵੀਂ ਸਪੇਸਵਾਕ ਸੀ। ਨਾਸਾ ਦੇ ਦੋ ਪੁਲਾੜ ਯਾਤਰੀ ਸੁਨੀਤਾ ਅਤੇ ਬੁੱਚ ਵਿਲਮੋਰ ਉਥੇ ਫਸੇ ਹੋਏ ਹਨ

## ਛੱਤੀਸਗੜ੍ਹ ਵਿਚ ਸੁਰੱਖਿਆ ਬਲਾਂ ਨਾਲ ਮੁਕਾਬਲੇ ’ਚ 12 ਨਕਸਲੀ ਹਲਾਕ



**ਬੀਜਾਪੁਰ, ਲੋਕ ਬਾਣੀ--** ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿੱਚ ਵੀਰਵਾਰ ਨੂੰ ਸੁਰੱਖਿਆ ਬਲਾਂ ਨਾਲ ਹੋਏ ਮੁਕਾਬਲੇ ’ਚ 12 ਨਕਸਲੀ ਮਾਰੇ ਗਏ। ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਇਹ ਮੁਕਾਬਲਾ ਸਵੇਰੇ 9 ਵਜੇ ਦੇ ਕਰੀਬ ਦੱਖਣੀ ਬੀਜਾਪੁਰ ਦੇ ਜੰਗਲਾਂ ਵਿੱਚ ਉਸ ਵੇਲੇ ਸ਼ੁਰੂ ਹੋਇਆ ਜਦੋਂ ਸੁਰੱਖਿਆ ਬਲਾਂ ਦੀ ਸਾਂਝੀ ਟੀਮ ਨਕਸਲ ਵਿਰੋਧੀ ਕਾਰਵਾਈ ’ਤੇ ਸੀ। ਉਨ੍ਹਾਂ ਦੱਸਿਆ ਕਿ ਸ਼ਾਮ ਤੱਕ ਰੁਕ-ਰੁਕ ਕੇ ਗੋਲੀਬਾਰੀ ਹੁੰਦੀ ਰਹੀ। ਅਧਿਕਾਰੀ ਨੇ ਕਿਹਾ, ਸ਼ੁਰੂਆਤੀ ਜਾਣਕਾਰੀ ਅਨੁਸਾਰ ਮੁਕਾਬਲੇ ਵਿੱਚ 12 ਨਕਸਲੀ ਮਾਰੇ ਗਏ।

## ਨੀਟ-ਯੂਜੀ ਪ੍ਰੀਖਿਆ ਪੈੱਨ ਪੇਪਰ ਮੋਡ ’ਚ ਜਾਰੀ ਰਹੇਗੀ: ਐੱਨਟੀਏ



**ਨਵੀਂ ਦਿੱਲੀ ਲੋਕ ਬਾਣੀ--**ਕੇਂਦਰ ਸਰਕਾਰ ਨੇ ਮੈਡੀਕਲ ਦਾਖ਼ਲਾ ਪ੍ਰੀਖਿਆ ਨੀਟ-ਯੂਜੀ ਹੁਣ ਤੋਂ ਆਨਲਾਈਨ ਦੀ ਥਾਂ ਪੈੱਨ ਤੇ ਪੇਪਰ ਮੋਡ ਵਿਚ ਲੈਣ ਦਾ ਫੈਸਲਾ ਕੀਤਾ ਹੈ। ਸਿੱਖਿਆ ਤੇ ਸਿਹਤ ਮੰਤਰਾਲਿਆਂ ਦਰਮਿਆਨ ਵਿਆਪਕ ਵਿਚਾਰ ਚਰਚਾ ਤੋਂ ਬਾਅਦ ਹੀ ਇਹ ਫੈਸਲਾ ਲਿਆ ਗਿਆ ਹੈ। ਨੈਸ਼ਨਲ ਟੈਸਟਿੰਗ ਏਜੰਸੀ (ਐੱਨਟੀਏ) ਦੇ ਸੀਨੀਅਰ ਅਧਿਕਾਰੀ ਨੇ ਅੱਜ ਕਿਹਾ, “ਨੈਸ਼ਨਲ ਮੈਡੀਕਲ ਕਮਿਸ਼ਨ (ਐੱਨਐੱਮਸੀ) ਵੱਲੋਂ ਲਏ ਫੈਸਲੇ ਮੁਤਾਬਕ ਨੀਟ-ਯੂਜੀ ਪ੍ਰੀਖਿਆ ਇਕੋ ਦਿਨ ਤੇ ਸ਼ਿਫ਼ਟਾਂ ਵਿਚ ਪੈੱਨ ਤੇ ਪੇਪਰ ਮੋਡ (ਓਐੱਮਆਰ ਅਧਾਰਿਤ) ਵਿਚ ਲਈ ਜਾਵੇਗੀ।”

## ਅੱਜ ਰਿਲੀਜ਼ ਹੋਣ ਵਾਲੀ ਐਮਰਜੈਂਸੀ ਫਿਲਮ ਨੂੰ ਲੈ ਕੇ ਜਲੰਧਰ ਚ ਸ਼ੁਰੂ ਹੋਇਆ ਵਿਰੋਧ



**ਜਲੰਧਰ, ਲੋਕ ਬਾਣੀ -**ਭਲਕੇ ਰਿਲੀਜ਼ ਹੋਣ ਵਾਲੀ ਐਮਰਜੈਂਸੀ ਫਿਲਮ ਨੂੰ ਲੈ ਕੇ ਜਲੰਧਰ ਚ ਵੀ ਵਿਰੋਧ ਸ਼ੁਰੂ ਹੋ ਗਿਆ ਹੈ। ਇਸ ਨੂੰ ਰੋਕਣ ਲਈ ਸਿੱਖ ਤਾਲਮੇਲ ਕਮੇਟੀ ਵਲੋਂ ਪੁਲਿਸ ਕਮਿਸ਼ਨਰੇਟ ਨੂੰ ਪੱਤਰ ਵੀ ਲਿਖਿਆ ਗਿਆ ਹੈ। ਇਸ ਫਿਲਮ ਨੂੰ ਜਲੰਧਰ ਵਿਚ ਨਾ ਦਿਖਾਏ ਜਾਣ ਲਈ ਪ੍ਰਸ਼ਾਸਨ ਅਤੇ ਸਿਨੇਮਾ ਘਰਾਂ ਦੇ ਪ੍ਰਬੰਧਕਾਂ ਨੂੰ ਮੰਗ-ਪੱਤਰ ਰਾਹੀਂ ਬੇਨਤੀ ਵੀ ਕੀਤੀ ਜਾ ਰਹੀ ਹੈ।

## ਮਰਨ ਵਰਤ ’ਤੇ ਬੈਠੇ ਇਕ ਕਿਸਾਨ ਨੂੰ ਪਿਆ ਮਿਰਗੀ ਦਾ ਦੌਰਾ



**ਪਾਤੜਾਂ, ਲੋਕ ਬਾਣੀ-** ਢਾਬੀ ਗੁੱਜਰਾਂ (ਖਨੌਰੀ) ਬਾਰਡਰ ‘ਤੇ ਮਰਨ ਵਰਤ ‘ਤੇ ਬੈਠੇ 111 ਕਿਸਾਨਾਂ ਦੇ ਜਥੇ ਦਾ ਵੀਰਵਾਰ ਨੂੰ ਦੂਜਾ ਦਿਨ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦਾ 52ਵਾਂ ਦਿਨ ਜਾਰੀ ਹੈ। ਉਨ੍ਹਾਂ ਦੀ ਸਿਹਤ ਲਗਾਤਾਰ ਚਿੰਤਾਜਨਕ ਬਣੀ ਹੋਈ ਹੈ। ਇਸ ਦੌਰਾਨ ਮਰਨ ਵਰਤ ‘ਤੇ ਬੈਠੇ 111 ਕਿਸਾਨਾਂ ਵਿੱਚੋਂ ਪ੍ਰਿਤਪਾਲ ਸਿੰਘ ਨੂੰ ਅੱਜ ਮਿਰਗੀ ਦਾ ਦੌਰਾ ਪੈਣ ਕਰ ਕੇ ਬਾਰਡਰ ’ਤੇ ਹਫੜਾ-ਦਫੜੀ ਮੱਚ ਗਈ। ਕਿਸਾਨਾਂ ਦੀ ਦੇਖਭਾਲ ਕਰਦੀ ਡਾਕਟਰ ਸਵੈਮਾਨ ਦੀ ਟੀਮ ਨੂੰ ਹੱਥਾਂ ਪੈਰਾਂ ਦੀਆਂ ਪੈ ਗਈਆਂ। ਡਾਕਟਰਾਂ ਵੱਲੋਂ ਕਿਸਾਨ ਦੇ ਹੱਥਾਂ ਪੈਰਾਂ ਦੀ ਮਾਲਸ਼ ਕਰਦਿਆਂ ਵਾਰ ਵਾਰ ਛਾਤੀ ਨੂੰ ਦੁਬਾਉਣ (ਭਾਵ ਸੀਪੀਆਰ ਦੇਣ) ਤੋਂ ਬਾਅਦ ਪ੍ਰਿਤਪਾਲ ਦੀ ਹਾਲਤ ਨਾਰਮਲ ਹੋਈ।

## ਦਾਨ ਸਿੰਘ ਵਾਲਾ ਕਾਂਡ ਦੇ ਮੁੱਖ ਮੁਲਜ਼ਮ ਸਣੇ ਦਸ ਕਾਬੂ



**ਬਠਿੰਡਾ, (ਲੋਕ ਬਾਣੀ)--** ਪਿੰਡ ਦਾਨ ਸਿੰਘ ਵਾਲਾ ਵਿੱਚ ਬੀਤੇ ਵੀਰਵਾਰ ਦੀ ਅੱਧੀ ਰਾਤ ਨੂੰ ਵਾਪਰੇ ਕਾਂਡ ਦੇ ਮਾਮਲੇ ਵਿੱਚ ਪੁਲੀਸ ਨੇ ਮੁੱਖ ਮੁਲਜ਼ਮ ਰਮਿੰਦਰ ਸਿੰਘ ਉਰਫ਼ ਦਲੇਰ ਸਮੇਤ ਹੁਣ ਤੱਕ 10 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗੌਰਤਲਬ ਹੈ, ਕਿ ਇਸ ਘਟਨਾ ਵਿੱਚ ਪਿੰਡ ਦੇ ਕੋਠੇ ਜੀਵਨ ਸਿੰਘ ਵਾਲਾ ਵਿੱਚ ਨੌਜਵਾਨਾਂ ਵੱਲੋਂ ਪੌਣੀ ਦਰਜਨ ਘਰਾਂ ਨੂੰ ਅੱਗ ਲਗਾ ਦਿੱਤੀ ਗਈ ਸੀ। ਐੱਸਐੱਸਪੀ ਬਠਿੰਡਾ ਅਮਨੀਤ ਕੌਂਡਲ ਵੱਲੋਂ ਡੀਐੱਸਪੀ ਭੁੱਚੋ ਰਵਿੰਦਰ ਸਿੰਘ ਰੰਧਾਵਾ ਦੀ ਅਗਵਾਈ ਹੇਠ ਇੰਸਪੈਕਟਰ ਜਸਵਿੰਦਰ ਕੌਰ ਮੁੱਖ ਅਧਿਕਾਰੀ ਥਾਣਾ ਨੇਹੀਆਂ ਵਾਲਾ ਦੀ ਇੱਕ ਵਿਸ਼ੇਸ਼ ਟੀਮ ਬਣਾਈ ਗਈ ਸੀ ਜਿਸ ਨੇ ਹੁਣ ਤੱਕ 10 ਮੁਲਜ਼ਮਾਂ ਨੂੰ ਕਾਬੂ ਕੀਤਾ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਕੇਂਦਰੀ ਮੁਲਾਜ਼ਮਾਂ ਨੂੰ ਸਰਕਾਰ ਦਾ ਵੱਡਾ ਤੋਹ.ਫਾ , 8ਵਾਂ ਤਨਖਾਹ ਕਮਿਸ਼ਨ ਬਣਾਉਣ ਦੀ ਮਿਲੀ ਮਨਜ਼ੂਰੀ, 20 26 ਤੋਂ ਲਾਗੂ ਕੀਤਾ ਜਾਵੇਗਾ

ਨਵੀਂ ਦਿੱਲੀ-(ਲੋਕ ਬਾਣੀ) ਕੇਂਦਰ ਸਰਕਾਰ ਨੇ ਵੀਰਵਾਰ ਨੂੰ ਕੇਂਦਰੀ ਕਰਮਚਾਰੀਆਂ ਲਈ ਅੱਠਵੇਂ ਤਨਖਾਹ ਕਮਿਸ਼ਨ ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਸਾਲ 2026 ਤੋਂ ਲਾਗੂ ਕੀਤਾ ਜਾਵੇਗਾ। ਇਹ ਜਾਣਕਾਰੀ ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕੈਬਨਿਟ ਮੀਟਿੰਗ ਤੋਂ ਬਾਅਦ ਦਿੱਤੀ। ਉਨ੍ਹਾਂ ਕਿਹਾ- ਸੱਤਵਾਂ ਤਨਖਾਹ ਕਮਿਸ਼ਨ 2016 ਵਿੱਚ ਲਾਗੂ ਹੋਇਆ ਸੀ, ਇਸ ਦੀਆਂ ਸਿਫ਼ਾਰਸ਼ਾਂ 2026 ਤੱਕ ਜਾਰੀ ਰਹਿਣਗੀਆਂ।

ਕੇਂਦਰ ਸਰਕਾਰ ਨੇ ਸ੍ਰੀ ਹਰੀਕੋਟਾ ਵਿਖੇ ਤੀਜੇ ਲਾਂਚ ਪੈਡ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਵਰਤਮਾਨ ਵਿੱਚ ਇਸ ਸਹੂਲਤ ਵਿੱਚ 2 ਲਾਂਚ ਪੈਡ ਹਨ। ਇਨ੍ਹਾਂ ਦੋ ਲਾਂਚ ਪੈਡਾਂ ਤੋਂ ਹੁਣ ਤੱਕ 60 ਤੋਂ ਵੱਧ ਲਾਂਚ ਕੀਤੇ ਜਾ ਚੁੱਕੇ ਹਨ। ਤੀਜਾ ਲਾਂਚ ਪੈਡ ਬਣਾ ਕੇ ਸੈਟੇਲਾਈਟਾਂ ਅਤੇ ਸਪੇਸ ਕਰਾਫਟ ਲਾਂਚ ਦੀ ਗਿਣਤੀ ਵਧਾਈ ਜਾ ਸਕਦੀ ਹੈ।

ਇਸ ਨਾਲ ਭਾਰਤ ਆਪਣੇ ਲੋੜੀਂਦੇ ਲਾਂਚ



ਮਿਸ਼ਨ ਨੂੰ ਪੂਰਾ ਕਰ ਸਕੇਗਾ ਅਤੇ ਵਿਸ਼ਵ ਮੰਗ ਨੂੰ ਵੀ ਪੂਰਾ ਕਰ ਸਕੇਗਾ। ਕੈਬਨਿਟ ਦਾ ਇਹ ਫੈਸਲਾ ਨਿਊ ਜਨਰੇਸ਼ਨ ਲਾਂਚ ਵਹੀਕਲ ਪ੍ਰੋਗਰਾਮ ਨੂੰ ਅੱਗੇ ਲਿਜਾਣ ਵਿੱਚ ਮਦਦ ਕਰੇਗਾ। ਇਹ ਲਾਂਚ ਪੈਡ 3985 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ।

ਦੱਸਣਯੋਗ ਹੈ ਕਿ ਕੇਂਦਰ ਸਰਕਾਰ ਹਰ 10 ਸਾਲ ਬਾਅਦ ਨਵਾਂ ਪੇ ਕਮਿਸ਼ਨ ਲਿਆਉਂਦੀ ਹੈ। ਫਿਲਹਾਲ 7ਵਾਂ ਤਨਖਾਹ ਕਮਿਸ਼ਨ ਚੱਲ ਰਿਹਾ ਹੈ, ਇਸ ਦਾ ਕਾਰਜਕਾਲ 31 ਦਸੰਬਰ 2025 ਨੂੰ ਖਤਮ ਹੋਵੇਗਾ।

8ਵੇਂ ਤਨਖਾਹ ਕਮਿਸ਼ਨ ਦਾ ਪੇਅ ਮੈਟ੍ਰਿਕਸ 1.92 ਦੇ ਫਿਟਮੈਂਟ ਫੈਕਟਰ ਦੀ ਵਰਤੋਂ ਕਰਕੇ ਤਿਆਰ ਕੀਤਾ ਜਾਵੇਗਾ। ਇਸ ਨੂੰ ਇਸ ਤਰ੍ਹਾਂ ਸਮਝੋ - ਕੇਂਦਰ ਸਰਕਾਰ ਦੇ ਕਰਮਚਾਰੀਆਂ ਦੀ ਤਨਖਾਹ ਦੇ 18 ਪੱਧਰ ਹਨ। ਲੈਵਲ-1 ਦੇ ਮੁਲਾਜ਼ਮਾਂ ਦੀ ਮੁੱਢਲੀ ਤਨਖਾਹ 1800 ਰੁਪਏ ਗਰੇਡ ਪੇਅ ਦੇ ਨਾਲ 18,000 ਰੁਪਏ ਹੈ। 8ਵੇਂ ਤਨਖਾਹ ਕਮਿਸ਼ਨ ਦੇ ਤਹਿਤ ਇਸ ਨੂੰ ਵਧਾ ਕੇ 34,560 ਰੁਪਏ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ ਕੇਂਦਰ ਸਰਕਾਰ ਵਿੱਚ ਕੈਬਨਿਟ ਸਕੱਤਰ ਪੱਧਰ ਦੇ ਅਧਿਕਾਰੀਆਂ ਨੂੰ ਲੈਵਲ-18 ਤਹਿਤ ਵੱਧ ਤੋਂ ਵੱਧ 2.5 ਲੱਖ ਰੁਪਏ ਦੀ ਬੇਸਿਕ ਤਨਖਾਹ ਮਿਲਦੀ ਹੈ। ਇਹ ਵਧ ਕੇ ਲਗਭਗ 4.8 ਲੱਖ ਰੁਪਏ ਹੋ ਸਕਦਾ ਹੈ।

# PM ਦੀ ਸੁਰੱਖਿਆ ਦਾ ਮਾਮਲਾ, ਰਾਹ ਰੋਕਣ ਵਾਲੇ ਪ੍ਰਦਰਸ਼ਨਕਾਰੀਆਂ ਤੇ ਲਗਾਈ ਗਈ ਧਾਰਾ ਚ ਕੀਤਾ ਗਿਆ ਵਾਧਾ



ਚੰਡੀਗੜ੍ਹ-(ਲੋਕ ਬਾਣੀ) ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ ਪ੍ਰਧਾਨ ਮੰਤਰੀ ਦੇ ਕਾਫ਼ਲੇ ਨੂੰ ਰੋਕਣ ਵਾਲੇ ਮੁਲਜ਼ਮਾਂ ਖ਼ਿਲਾਫ਼ ਫਿਰੋਜ਼ਪੁਰ ਪੁਲਿਸ ਵੱਲੋਂ ਦਰਜ ਕੀਤੇ ਗਏ ਮਾਮਲੇ ਵਿੱਚ ਪੁਲਿਸ ਨੇ ਆਈਪੀਸੀ ਦੀਆਂ ਧਾਰਾਵਾਂ ਵਧਾ ਦਿੱਤੀਆਂ ਹਨ ਅਤੇ ਮੁਲਜ਼ਮਾਂ ਤੇ ਧਾਰਾ 307 ਵੀ ਲਗਾਈ ਗਈ ਹੈ। ਜਿਸ ਦਾ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਵਿਰੋਧ ਕੀਤਾ ਹੈ ਉਹਨਾਂ ਕਿਹਾ ਕਿ ਹੁਣ ਕਿਸਾਨਾਂ ਨੂੰ ਮਾਮਲੇ ਵਿੱਚ ਸੰਮਨ ਭੇਜੇ ਜਾ ਰਹੇ ਹਨ।
ਦੱਸ ਦੇਈਏ ਕਿ ਮਾਮਲਾ ਇਹ ਹੈ ਕਿ 5 ਜਨਵਰੀ, 2022 ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਿਰੋਜ਼ਪੁਰ ਪੀਜੀਆਈ ਸੈਟੇਲਾਈਟ ਸੈਂਟਰ ਦਾ ਨੀਂਹ ਪੱਥਰ ਰੱਖਣ ਲਈ ਆ ਰਹੇ ਸਨ, ਪਰ ਕੁਝ ਪ੍ਰਦਰਸ਼ਨਕਾਰੀਆਂ ਨੇ ਉਨ੍ਹਾਂ ਦੇ ਕਾਫਲੇ ਨੂੰ ਰੋਕ ਦਿੱਤਾ, ਜਿਸ ਕਾਰਨ ਪ੍ਰਧਾਨ ਮੰਤਰੀ ਨੂੰ ਖੜ੍ਹੇ ਹੋਣਾ ਪਿਆ। ਪਿੰਡ ਪਿਆਰੇਆਣਾ ਦੇ ਪੁਲ ਨੂੰ ਲਗਭਗ 15 ਮਿੰਟਾਂ ਲਈ ਬੰਦ ਰੱਖਿਆ ਗਿਆ। ਉਹਨਾਂ ਨੂੰ ਪ੍ਰੋਗਰਾਮ ਦਾ ਉਦਘਾਟਨ ਕੀਤੇ ਬਿਨਾਂ ਹੀ ਵਾਪਸ ਜਾਣਾ ਪਿਆ ਅਤੇ ਪੁਲਿਸ ਨੇ 25 ਅਣਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ ਕਰ ਲਿਆ ਸੀ।
ਪੁਲਿਸ ਨੇ ਆਈਪੀਸੀ ਦੀ ਧਾਰਾ 283 ਲਗਾਈ ਸੀ ਜੋ ਕਿ ਜ਼ਮਾਨਤਯੋਗ ਸੀ ਪਰ ਬਾਅਦ ਵਿੱਚ ਫਿਰੋਜ਼ਪੁਰ ਪੁਲਿਸ ਨੇ ਉਹਨਾਂ ਦੇ ਵਿਰੁੱਧ ਕੇਸ ਦੀਆਂ ਧਾਰਾਵਾਂ ਵਿੱਚ ਵਾਧਾ ਕਰ ਦਿੱਤਾ ਗਿਆ। ਇਸ ਮਾਮਲੇ ਵਿੱਚ 20/12/2022 ਨੂੰ ਕੁੱਝ ਹੋਰ ਧਾਰਾਵਾਂ ਜੋੜ ਦਿੱਤੀਆਂ ਗਈਆਂ। ਇਸ 307,353,341,186,149 ਅਤੇ 82 ਨੈਸ਼ਨਲ ਹਾਈਵੇਅ ਐਕਟ ਤੱਕ ਸ਼ਾਮਿਲ ਸੀ। ਇਸ ਗੱਲ ਦਾ ਖੁਲਾਸਾ ਉਦੋਂ ਹੋਇਆ ਜਦੋਂ ਇੱਕ ਵਿਅਕਤੀ ਕਮਲਜੀਤ ਪੁੱਤਰ ਬਲਜਿੰਦਰ ਸਿੰਘ ਵਾਸੀ ਪਿਆਰੇ ਵਾਲਾ ਪਿੰਡ ਅਦਾਲਤ ਵਿੱਚ ਜ਼ਮਾਨਤ ਲਈ ਪੇਸ਼ ਹੋਇਆ।

# ਵਿਜੀਲੈਂਸ ਬਿਊਰੋ ਨੇ 10, 000 ਰੁਪਏ ਰਿਸ਼ਵਤ ਦੀ ਮੰਗ ਕਰਨ ਵਾਲੇ ਨਿੱਜੀ ਸੁਰੱਖਿਆ ਗਾਰਡ ਨੂੰ ਕੀਤਾ ਗ੍ਰਿ.ਫਤਾਰ

ਚੰਡੀਗੜ੍ਹ (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸਿਵਲ ਹਸਪਤਾਲ ਜਲੰਧਰ ਵਿੱਚ ਤਾਇਨਾਤ ਇੱਕ ਨਿੱਜੀ ਸੁਰੱਖਿਆ ਗਾਰਡ ਨਰਿੰਦਰ ਕੁਮਾਰ ਵਾਸੀ ਪਿੰਡ ਚੱਕ ਸਾਧੂ ਵਾਲਾ (ਜ਼ਿਲ੍ਹਾ ਹੁਸ਼ਿਆਰਪੁਰ ) ਨੂੰ ਇੱਕ ਪੀਸੀਐਮਐਸ ਡਾਕਟਰ ਦੇ ਨਾਮ 'ਤੇ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।
ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਮੱਲਾਂਵਾਲਾ ਖਾਸ ਦੇ ਵਸਨੀਕ ਲੋਕੇਸ਼ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।
ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸਨੇ ਆਪਣੀ ਰਿਸ਼ਤੇਦਾਰ ਲਈ ਅਪੰਗਤਾ ਸਰਟੀਫਿਕੇਟ ਜਾਰੀ ਕਰਨ ਲਈ ਸਿਵਲ ਸਰਜਨ ਜਲੰਧਰ ਦੇ ਦਫ਼ਤਰ ਵਿੱਚ ਇੱਕ ਆਰਥੋਪੀਡਿਕਸ ਮਾਹਰ ਕੋਲ ਪਹੁੰਚ ਕੀਤੀ




ਸੀ ਪਰ ਈ-ਟਰਾਈਸਾਈਕਲ ਖਰੀਦਣ ਲਈ ਉਹ ਲੋੜੀਂਦੀ ਅਪੰਗਤਾ ਫੀਸਦ ਪ੍ਰਾਪਤ ਨਹੀਂ ਸੀ ਕਰ ਸਕੀ। ਬਾਅਦ ਵਿੱਚ ਸਬੰਧਤ ਡਾਕਟਰ ਵੱਲੋਂ ਆਪਣੇ ਦਫ਼ਤਰ ਦੇ ਬਾਹਰ ਤਾਇਨਾਤ ਕੀਤੇ ਉਕਤ ਸੁਰੱਖਿਆ ਗਾਰਡ ਨੇ ਅਪੰਗਤਾ ਸਰਟੀਫਿਕੇਟ ਦੀ ਫ਼ੀਸਦ ਵਧਾਉਣ ਬਦਲੇ 10000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਮੁਲਜ਼ਮ ਨਾਲ ਹੋਈ ਗੱਲਬਾਤ ਆਪਣੇ ਫ਼ੋਨ 'ਤੇ ਰਿਕਾਰਡ ਕਰ ਲਈ ਸੀ ਜਿਸਨੂੰ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਜਮ੍ਹਾਂ ਕਰਵਾ ਦਿੱਤਾ ਗਿਆ ਹੈ।
ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਤਸਦੀਕ ਦੌਰਾਨ ਇਹ ਸਹੀ -ਵ-ਦਰੁਸਤ ਪਾਏ ਗਏ ਹਨ ਕਿਉਂਕਿ ਇਨ੍ਹਾਂ ਨੂੰ ਮੌਖਿਕ ਸਬੂਤਾਂ ਦੇ ਨਾਲ-ਨਾਲ ਗੱਲਬਾਤ ਦੀ ਰਿਕਾਰਡਿੰਗ ਦੇ ਰੂਪ ਵਿੱਚ ਪੇਸ਼ ਕੀਤਾ ਗਿਆ ਹੈ। ਇਸ ਤਸਦੀਕ ਰਿਪੋਰਟ ਦੇ ਆਧਾਰ 'ਤੇ, ਉਕਤ ਮੁਲਜ਼ਮ ਨਰਿੰਦਰ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਉਕਤ ਦੋਸ਼ੀ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

# ਦਿੱਲੀ ਵਿਧਾਨ ਸਭਾ ਚੋਣਾਂ ਲਈ ਭਾਜਪਾ ਨੇ ਚੌਥੀ ਸੂਚੀ ਕੀਤੀ ਜਾਰੀ, 9 ਉਮੀਦਵਾਰਾਂ ਦਾ ਕੀਤਾ ਐਲਾਨ




ਨਵੀਂ ਦਿੱਲੀ-(ਲੋਕ ਬਾਣੀ) ਭਾਜਪਾ ਨੇ ਵੀਰਵਾਰ ਨੂੰ ਦਿੱਲੀ ਵਿਧਾਨ ਸਭਾ ਚੋਣਾਂ ਲਈ ਆਪਣੀ ਚੌਥੀ ਸੂਚੀ ਜਾਰੀ ਕੀਤੀ। ਇਸ ਸੂਚੀ ਵਿੱਚ 9 ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ। ਭਾਜਪਾ ਨੇ ਆਪਣੀਆਂ ਚਾਰ ਸੂਚੀਆਂ ਵਿੱਚ 68 ਸੀਟਾਂ ਲਈ ਉਮੀਦਵਾਰਾਂ ਦਾ ਐਲਾਨ ਕੀਤਾ ਹੈ, ਜਦੋਂ ਕਿ ਆਪਣੇ ਸਹਿਯੋਗੀਆਂ ਲਈ 2 ਸੀਟਾਂ ਛੱਡੀਆਂ ਹਨ।
ਭਾਜਪਾ ਨੇ ਗ੍ਰੇਟਰ ਕੈਲਾਸ਼ ਤੋਂ ਆਪ ਉਮੀਦਵਾਰ ਅਤੇ ਮੰਤਰੀ ਸੌਰਭ ਭਾਰਦਵਾਜ ਦੇ ਮੁਕਾਬਲੇ ਸ਼ਿਖਾ ਰਾਏ ਨੂੰ ਟਿਕਟ ਦਿੱਤੀ ਹੈ। ਜਦੋਂਕਿ ਅਨਿਲ ਵਸ਼ਿਸ਼ਟ ਨੂੰ 'ਆਪ' ਦੇ ਦਿੱਲੀ ਪ੍ਰਧਾਨ ਅਤੇ ਬਾਬਰਪੁਰ ਤੋਂ ਉਮੀਦਵਾਰ ਗੋਪਾਲ ਰਾਏ ਦੇ ਖਿਲਾਫ ਮੈਦਾਨ 'ਚ ਉਤਾਰਿਆ ਗਿਆ ਹੈ।

# 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ 'ਚ ਪੰਜਾਬ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਰਾਜ ਪੱਧਰੀ ਸ਼ਰਧਾਂਜਲੀ ਸਮਾਗਮ ਭਲਕੇ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)- 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ 'ਚ ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ ਸ਼ਰਧਾਂਜਲੀ ਸਮਾਗਮ ਸਥਾਨਕ ਨਾਮਧਾਰੀ ਸ਼ਹੀਦੀ ਸਮਾਰਕ ਵਿਖੇ ਸ਼ਹੀਦਾਂ ਦੀ ਯਾਦ 'ਚ 17 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ।ਇਸ ਰਾਜ ਪੱਧਰੀ ਸਮਾਗਮ ਵਿੱਚ ਮਾਲ ਤੇ ਮੁੜ ਵਸੇਬਾ ਤੇ ਆਫਤ ਪ੍ਰਬੰਧਨ,ਜਲ ਸਪਲਾਈ ਤੇ ਸੈਨੀਟੇਸ਼ਨ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਪੰਜਾਬ ਸ੍ਰੀ ਹਰਦੀਪ ਸਿੰਘ ਮੁੰਡੀਆਂ ਸਿਰਕਤ ਕਰਕੇ ਸ਼ਹੀਦਾਂ ਨੂੰ ਸਰਧਾਂਜਲੀ ਭੇਟ ਕਰਨਗੇ । ਇਸ ਗੱਲ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਸ਼ਹੀਦੀ ਸਮਾਰਕ ਵਿਖੇ ਰਾਜ ਪੱਧਰੀ ਸਮਾਗਮ ਦੇ ਅਗੇਤੇ ਪ੍ਰਬੰਧਾਂ ਦਾ ਜਾਇਜਾ ਲੈਣ ਸਮੇਂ ਦਿੱਤੀ ।

ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ,ਸਹਾਇਕ ਕਮਿਸ਼ਨਰ ਕਮ ਐਸ.ਡੀ.ਐਮ.ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਵੈਭਵ ਸਹਿਗਲ, ਡੀ.ਐਸ.ਪੀ.(ਸਥਾਨਕ) ਮਾਨਵਜੀਤ ਸਿੰਘ ਸਿੱਧੂ, ਡੀ.ਐਸ.ਪੀ (ਸਪੈਸ਼ਲ) ਰਣਜੀਤ ਸਿੰਘ,ਡੀ.ਐਸ.ਪੀ.ਸਤਿਸ ਕੁਮਾਰ, ਡੀ.ਐਸ.ਪੀ.ਦਵਿੰਦਰ ਸਿੰਘ,ਡੀ.ਐਸ.ਪੀ. ਕੁਲਦੀਪ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ । ਇਸ ਮੌਕੇ ਪ੍ਰਧਾਨ ਕਮ ਚੇਅਰਮੈਨ ਨਾਮਧਾਰੀ ਸ਼ਹੀਦੀ ਸਮਾਰਕ ਸੁਰਿੰਦਰ ਸਿੰਘ ਨਾਮਧਾਰੀ, ਗੁਰਸੇਵਕ ਸਿੰਘ ਨਾਮਧਾਰੀ ਵੀ ਮੌਜੂਦ ਸਨ ।

ਪ੍ਰਬੰਧਾਂ ਦਾ ਜਾਇਜਾਂ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਇਸ ਸਮਾਗਮ ਵਿੱਚ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਅਤੇ ਨਤਮਸਤਕ ਹੋਣ ਦੀ ਉਮੀਦ ਜਾਹਿਰ ਕਰਦਿਆਂ ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਨੂੰ ਸ਼ਰਧਾਲੂਆਂ ਦੀ ਸਹੂਲਤ ਲਈ ਨਿਰਵਿਘਨ ਆਵਾਜਾਈ ਦੇ ਪ੍ਰਬੰਧ ਅਤੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨ ਲਈ ਕਿਹਾ । ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਧਾਰਿਤ ਸਮੇਂ ਦੇ ਅੰਦਰ ਅੰਦਰ ਸਮਾਰੋਹ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ ਤਾਂ ਜੋ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਅਧਿਕਾਰੀਆਂ ਨੂੰ ਸਮੂਹ ਪ੍ਰਬੰਧ ਧਾਰਮਿਕ ਭਾਵਨਾ ਅਤੇ ਸ਼ਰਧਾ ਨਾਲ ਨੇਪਰੇ ਚਾੜ੍ਹਨ ਲਈ ਕਿਹਾ ।

ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਨੇ ਦੱਸਿਆ ਕਿ ਨਤਮਸਤਕ ਹੋਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਜ਼ਿਲ੍ਹਾ ਪੁਲਿਸ ਵਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਹੋਰ ਕਿਹਾ ਕਿ ਸਮੁੱਚੀ ਪੁਲਿਸ ਫੋਰਸ ਨੂੰ ਪਹਿਲਾਂ ਹੀ ਹਦਾਇਤ ਕੀਤੀ ਜਾ ਚੁੱਕੀ ਹੈ ਕਿ ਉਹ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਨਾਲ ਪੂਰਨ ਨਿਮਰਤਾ ਵਾਲਾ ਰਵੱਈਆ ਅਪਣਾਉਂਦੇ ਹੋਏ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਸੇਵਾ ਭਾਵਨਾ ਕਰਦੇ ਹੋਏ ਪੁਲੀਸਿੰਗ ਦੀ ਮਿਸਾਲ ਕਾਇਮ ਕਰਨ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਦਾ ਸਹਿਯੋਗ ਕਰਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਰਪੇਸ਼ ਨਾ ਆਵੇ ।

# ਭਗਤੀ ਭਗਤ ਅਤੇ ਪਰਮਾਤਮਾ ਦੇ ਵਿਲੱਖਣ ਰਿਸ਼ਤੇ ਦਾ ਨਾਮ ਹੈ।



ਚੰਡੀਗੜ੍ਹ (ਲੋਕ ਬਾਣੀ)- ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਸਤਕਾਰਿਓਗਾ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੇ ਪਵਿੱਤਰ ਆਸ਼ੀਰਵਾਦ ਨਾਲ, ਸਥਾਨਕ ਸੰਤ ਨਿਰੰਕਾਰੀ ਸਤਸੰਗ ਭਵਨ, ਸੈਕਟਰ-30 ਵਿੱਚ ਇੱਕ ਵਿਸ਼ਾਲ ਸਤਿਸੰਗ ਦਾ ਆਯੋਜਨ ਕੀਤਾ ਗਿਆ। ਇਸ ਸਤਿਸੰਗ ਦੀ ਪ੍ਰਧਾਨਗੀ ਸੰਤ ਨਿਰੰਕਾਰੀ ਮੰਡਲ ਦੇ ਸਕੱਤਰ, ਸਤਿਕਾਰਯੋਗ ਸ਼੍ਰੀ ਜੋਗਿੰਦਰ ਸੁਖੀਜਾ ਨੇ ਕੀਤੀ। ਸਤਿਕਾਰਯੋਗ ਕਰਨਲ ਐਚ.ਐਸ. ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਗੁਲੇਰੀਆ ਮੈਂਬਰ ਪ੍ਰਚਾਰ ਵੀ ਸ਼ਾਮਲ ਸੀ।

ਸਤਿਕਾਰਯੋਗ ਜੋਗਿੰਦਰ ਸੁਖੀਜਾ ਨੇ ਭਗਤੀ ਦੀ ਅਵਸਥਾ ਦਾ ਜ਼ਿਕਰ ਕਰਦੇ ਹੋਏ ਆਪਣੇ ਵਿਚਾਰ ਪ੍ਰਗਟ ਕੀਤੇ ਕਿ ਭਗਤ ਦੀ ਅਵਸਥਾ ਉਸ ਮੱਛੀ ਵਰਗੀ ਹੋਣੀ ਚਾਹੀਦੀ ਹੈ ਜੋ ਪਾਣੀ ਤੋਂ ਬਿਨਾਂ ਨਹੀਂ ਰਹਿ ਸਕਦੀ। ਇਸੇ ਤਰ੍ਹਾਂ, ਇੱਕ ਭਗਤ ਦਾ ਜੀਵਨ ਸੇਵਾ, ਧਿਆਨ ਅਤੇ ਸਤਸੰਗ ਤੋਂ ਬਿਨਾਂ ਪੂਰਾ ਨਹੀਂ ਹੁੰਦਾ।

ਸੰਤ ਕਬੀਰਦਾਸ ਜੀ ਦੇ ਜੀਵਨ ਦੀ ਕਹਾਣੀ ਸੁਣਾਉਂਦੇ ਹੋਏ, ਉਨ੍ਹਾਂ ਦੱਸਿਆ ਕਿ ਜਦੋਂ ਇੱਕ ਸ਼ਰਧਾਲੂ ਨੇ ਕਬੀਰ ਜੀ ਨੂੰ ਸਤਿਸੰਗ ਦੀ ਮਹੱਤਤਾ ਬਾਰੇ ਪੁੱਛਿਆ ਤਾਂ ਉਨ੍ਹਾਂ ਨੇ ਇੱਕ ਕਿਲ੍ਹੇ ਨੂੰ ਹਥੌੜੇ ਨਾਲ ਮਾਰ ਕੇ ਸਮਝਾਉਣ ਦੀ ਕੋਸ਼ਿਸ਼ ਕੀਤੀ, ਜਿਵੇਂ ਕਿ ਇੱਕ ਹਥੌੜਾ ਕਿਲ੍ਹੇ ਤੇ ਵਾਰ-ਵਾਰ ਮਾਰਿਆ ਜਾਂਦਾ ਹੈ, ਇਸੇ ਤਰ੍ਹਾਂ, ਇਸੇ ਤਰ੍ਹਾਂ, ਨਿਯਮਿਤ ਤੌਰ ਤੇ ਸਤਿਸੰਗ ਵਿੱਚ ਸ਼ਾਮਲ ਹੋਣ ਅਤੇ ਰੋਜ਼ਾਨਾ ਭਗਤੀ ਬਾਰੇ ਗੱਲ ਕਰਨ ਨਾਲ, ਸਾਡਾ ਆਚਰਣ ਅਤੇ ਵਿਵਹਾਰ ਬਦਲ ਜਾਂਦਾ ਹੈ ਅਤੇ ਸਾਡੇ ਸਾਰੇ ਵਿਕਾਰਾਂ ਤੋਂ ਛੁਟਕਾਰਾ ਮਿਲਦਾ ਹੈ, ਜਿਸ ਕਾਰਨ ਸਾਡੀ ਭਗਤੀ ਮਜ਼ਬੂਤ ਹੁੰਦੀ ਹੈ।

ਪ੍ਰੇਮ ਭਗਤੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਹਉਮੈ ਪ੍ਰੇਮ ਭਗਤੀ ਨਾਲ ਖਤਮ ਹੁੰਦੀ ਹੈ। ਸਾਡੇ ਸਾਰਿਆਂ ਦੇ ਜੀਵਨ ਵਿੱਚ ਬਹੁਤ ਸਾਰੇ ਉਤਰਾਅ-ਚੜ੍ਹਾਅ ਆਉਂਦੇ ਹਨ ਪਰ ਬ੍ਰਹਮ ਗਿਆਨ ਦੀ ਬ੍ਰਹਮ ਦਾਤ ਸਾਨੂੰ ਇਨ੍ਹਾਂ ਨਕਾਰਾਤਮਕ ਚੀਜ਼ਾਂ ਤੋਂ ਦੂਰ ਰੱਖਦੀ ਹੈ ਅਤੇ ਸਾਨੂੰ ਪਿਆਰ ਅਤੇ ਸ਼ਰਧਾ ਦੀ ਸੁੰਦਰ ਭਾਵਨਾ ਸਿਖਾਉਂਦੀ ਹੈ। ਇਹ ਪ੍ਰੇਰਨਾਦਾਇਕ ਭਾਵਨਾਵਾਂ ਸਤਿਗੁਰੂ ਪ੍ਰਤੀ ਪੂਰਨ ਸਮਰਪਣ ਤੋਂ ਪੈਦਾ ਹੁੰਦੀਆਂ ਹਨ। ਜਿਵੇਂ ਸਾਹ ਲੈਣਾ ਸਾਡੇ ਜੀਵਨ ਵਿੱਚ ਇੱਕ ਨਿਰੰਤਰ ਪ੍ਰਕਿਰਿਆ ਹੈ, ਉਸੇ ਤਰ੍ਹਾਂ ਸਾਨੂੰ ਹਰ ਸਾਹ ਵਿੱਚ ਪ੍ਰਭੂ ਨੂੰ ਯਾਦ ਰੱਖਣਾ ਚਾਹੀਦਾ ਹੈ।

ਅੰਤ ਵਿੱਚ ਸੇਵਾਮੁਕਤ ਕਰਨਲ ਐਚ.ਐਸ. ਗੁਲੇਰੀਆ, ਮੈਂਬਰ ਇੰਚਾਰਜ ਪਬਲੀਸਿਟੀ ਪ੍ਰਸਾਰ ਨੇ ਕਿਹਾ ਕਿ ਜਦੋਂ ਅਸੀਂ ਸਤਿਸੰਗ ਵਿੱਚ ਆਉਂਦੇ ਹਾਂ, ਤਾਂ ਸਾਨੂੰ ਸਮਰਪਣ ਭਾਵਨਾ ਨਾਲ ਆਉਣਾ ਚਾਹੀਦਾ ਹੈ ਤਾਂ ਜੋ ਸਾਡੇ ਜੀਵਨ ਦੀ ਮੂਲ ਹਕੀਕਤ ਬਰਕਰਾਰ ਰਹੇ ਅਤੇ ਇਸ ਵਿੱਚ ਸਕਾਰਾਤਮਕ ਬਦਲਾਅ ਆਵੇ।

ਇਸ ਮੌਕੇ ਜ਼ੋਨਲ ਇੰਚਾਰਜ ਸ੍ਰੀ ਓ. ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਜੋਗਿੰਦਰ ਸੁਖੀਜਾ ਅਤੇ ਮੈਂਬਰ ਇੰਚਾਰਜ, ਪ੍ਰਚਾਰ ਕਰਨਲ ਐਚ.ਐਸ. ਦੀ ਮੌਜੂਦਗੀ ਵਿੱਚ ਪੀ. ਨਿਰੰਕਾਰੀ। ਸਤਿਸੰਗ ਵਿੱਚ ਪਹੁੰਚਣ ਲਈ ਗੁਲੇਰੀਆ ਦਾ ਧੰਨਵਾਦ ਕੀਤਾ।

# ਕੰਗਨਾ ਰਣੌਤ ਦੀ ਐਮਰਜੈਂਸੀ ਫਿਲਮ ਪੰਜਾਬ 'ਚ ਬੰਦ ਕਰਵਾਉਣ ਸਬੰਧੀ SGPC ਦੇ ਵਫਦ ਨੇ ਅੰਮ੍ਰਿਤਸਰ ਦੀ ਡੀਸੀ ਨੂੰ ਦਿੱਤਾ ਮੰਗ ਪੱਤਰ



ਅੰਮ੍ਰਿਤਸਰਹ (ਲੋਕ ਬਾਣੀ) ਪੰਜਾਬ ਦੇ ਵਿੱਚ ਰਿਲੀਜ਼ ਹੋਣ ਜਾ ਰਹੀ ਕੰਗਣਾ ਰਣੌਤ ਦੀ ਫਿਲਮ ਐਮਰਜੰਸੀ ਦਾ ਵਿਰੋਧ ਇਕ ਵਾਰ ਫਿਰ ਤੋਂ ਸ਼ੁਰੂ ਹੋ ਗਿਆ ਹੈ। ਅਤੇ ਐਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਇਸ ਫਿਲਮ ਤੇ ਰੋਕ ਲਗਾਉਣ ਦੇ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਪੱਤਰ ਲਿਖਿਆ ਗਿਆ ਹੈ। ਦੂਜਾ ਪਾਸੇ ਐਸਜੀਪੀਸੀ ਦੇ ਵਫਦ ਵੱਲੋਂ ਅੱਜ ਅੰਮ੍ਰਿਤਸਰ ਡੀਸੀ ਦਫਤਰ ਵਿਖੇ ਪਹੁੰਚ ਕੇ ਅੰਮ੍ਰਿਤਸਰ ਦੀ ਡੀਸੀ ਨੂੰ ਵੀ ਮੰਗ ਪੱਤਰ ਦਿੱਤਾ ਗਿਆ ਹੈ ਜਿਸ ਵਿੱਚ ਉਹਨਾਂ ਨੇ ਮੰਗ ਕੀਤੀ ਹੈ ਕਿ ਫਿਲਮ ਐਮਰਜੰਸੀ ਦੇ ਉੱਪਰ ਪੂਰੀ ਤਰੀਕੇ ਪੰਜਾਬ ਦੇ ਵਿੱਚ ਰੋਕ ਲਗਾਈ ਜਾਵੇ। ਇਸ ਸਬੰਧੀ ਐਸਜੀਪੀਸੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐਮਰਜੈਂਸੀ ਫ਼ਿਲਮ ਪੰਜਾਬ ਅੰਦਰ ਨਹੀਂ ਚੱਲਣ ਦਿੱਤੀ ਜਾਵੇਗੀ, ਕਿਉਂਕਿ ਇਹ ਸਿੱਖਾਂ ਨੂੰ ਬਦਨਾਮ ਕਰਨ ਦੇ ਮੰਤਵ ਨਾਲ ਨੀਤੀਗਤ ਢੰਗ ਨਾਲ ਬਣਾਈ ਗਈ ਹੈ। ਮਤੇ ਰਾਹੀਂ ਸੂਬਾ ਸਰਕਾਰ ਪਾਸੋਂ ਪੰਜਾਬ ਅੰਦਰ ਇਸ ਫ਼ਿਲਮ ਦੀ ਰਿਲੀਜ਼ ਤੇ ਰੋਕ ਲਗਾਉਣ ਦੀ ਮੰਗ ਕੀਤੀ ਗਈ ਸੀ, ਪਰੰਤੂ ਦੁੱਖ ਦੀ ਗੱਲ ਹੈ ਕਿ ਤੁਹਾਡੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੁਣ ਤੀਕ ਕੋਈ ਕਦਮ ਨਹੀਂ ਉਠਾਇਆ। ਜੇਕਰ 17 ਜਨਵਰੀ 2025 ਨੂੰ ਇਹ ਫਿਲਮ ਰਲੀਜ਼ ਹੁੰਦੀ ਹੈ, ਤਾਂ ਇਸ ਨਾਲ ਸਿੱਖ ਜਗਤ ਅੰਦਰ ਰੋਸ ਤੇ ਰੋਹ ਪੈਦਾ ਹੋਣਾ ਕੁਦਰਤੀ ਹੈ।

# ਸਾਰੇ ਰਾਜਾਂ ਨੂੰ ਗੈਰ-ਕਾਨੂੰਨੀ ਗੁਪਤ ਪ੍ਰਯੋਗਸ਼ਾਲਾਵਾਂ ਵਿਰੁੱਧ ਸਖ਼ਤ ਰਵੱਈਆ ਅਪਣਾਉਣ ਦੀ ਲੋੜ: ਸ਼ਾਹ



ਲੁਧਿਆਣਾ/ਜਲੰਧਰ (ਲੋਕ ਬਾਣੀ): ਡਰੱਗ ਤਸਕਰੀ ਅਤੇ ਰਾਸ਼ਟਰੀ ਸੁਰੱਖਿਆ ਵਿਸ਼ੇ ਤੇ ਖੇਤਰੀ ਕਾਨਫਰੰਸ ਦੀ ਪ੍ਰਧਾਨਗੀ ਕਰਦੇ ਹੋਏ, ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਚੁਣੌਤੀ ਨਾਲ ਨਜਿੱਠਣ ਲਈ, ਸਾਰੇ ਰਾਜਾਂ ਨੂੰ ਇੱਕ ਬੇਰਹਿਮ ਪਹੁੰਚ ਯਾਨੀ ਇੱਕ ਸਖ਼ਤ ਅਤੇ ਸਖ਼ਤ ਰਣਨੀਤੀ ਅਪਣਾਉਣ ਦੀ ਲੋੜ ਹੈ ਤਾਂ ਜੋ ਇਸ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕੇ। ਜੜ੍ਹਾਂ ਤੋਂ ਖਤਮ ਕੀਤਾ ਜਾ ਸਕਦਾ ਹੈ। ਦੇਸ਼ ਭਰ ਵਿੱਚ ਗੈਰ-ਕਾਨੂੰਨੀ ਗੁਪਤ ਪ੍ਰਯੋਗਸ਼ਾਲਾਵਾਂ ਦੀ ਸਮੱਸਿਆ ਤੇਜ਼ੀ ਨਾਲ ਵੱਧ ਰਹੀ ਹੈ। ਇਹ ਪ੍ਰਯੋਗਸ਼ਾਲਾਵਾਂ ਨਸ਼ੀਲੇ ਪਦਾਰਥਾਂ, ਨਕਲੀ ਦਵਾਈਆਂ ਅਤੇ ਖਤਰਨਾਕ ਰਸਾਇਣਾਂ ਦੇ ਉਤਪਾਦਨ ਵਿੱਚ ਸ਼ਾਮਲ ਹਨ। ਇਹ ਅਕਸਰ ਵੱਡੇ ਸੰਗਠਿਤ ਅਪਰਾਧ ਨੈੱਟਵਰਕਾਂ ਦੁਆਰਾ ਚਲਾਏ ਜਾਂਦੇ ਹਨ, ਜੋ ਨਾ ਸਿਰਫ਼ ਸਮਾਜ ਨੂੰ ਨੁਕਸਾਨ ਪਹੁੰਚਾਉਂਦੇ ਹਨ ਬਲਕਿ ਦੇਸ਼ ਦੀ ਅੰਦਰੂਨੀ ਸੁਰੱਖਿਆ ਅਤੇ ਆਰਥਿਕਤਾ ਲਈ ਵੀ ਖ਼ਤਰਾ ਪੈਦਾ ਕਰਦੇ ਹਨ। ਵੱਖ-ਵੱਖ ਰਾਜਾਂ ਵਿੱਚ ਕੰਮ ਕਰ ਰਹੀਆਂ ਇਹ ਪ੍ਰਯੋਗਸ਼ਾਲਾਵਾਂ ਕੋਕੀਨ ਅਤੇ ਸਿੰਥੈਟਿਕ ਡਰੱਗਜ਼ ਵਰਗੇ ਨਸ਼ੀਲੇ ਪਦਾਰਥ ਪੈਦਾ ਕਰਦੀਆਂ ਹਨ ਜੋ ਨੌਜਵਾਨਾਂ ਵਿੱਚ ਨਸ਼ਾਖੋਰੀ ਨੂੰ ਵਧਾਉਂਦੀਆਂ ਹਨ ਅਤੇ ਇਸ ਨਾਲ ਪਰਿਵਾਰਾਂ ਵਿੱਚ ਤਣਾਅ ਅਤੇ ਸਮਾਜ ਵਿੱਚ ਅਪਰਾਧ ਦਾ ਪੱਧਰ ਵਧਦਾ ਹੈ। ਇਸ ਦੇ ਨਾਲ ਹੀ, ਨਕਲੀ ਦਵਾਈਆਂ ਨਾ ਸਿਰਫ਼ ਮਰੀਜ਼ਾਂ ਦੀ ਜਾਨ ਲਈ ਖ਼ਤਰਾ ਪੈਦਾ ਕਰਦੀਆਂ ਹਨ, ਸਗੋਂ ਸਿਹਤ ਸੇਵਾਵਾਂ ਦੀ ਗੁਣਵੱਤਾ ਤੇ ਵੀ ਸਵਾਲ ਖੜ੍ਹੇ ਕਰਦੀਆਂ ਹਨ। ਇੰਨਾ ਹੀ ਨਹੀਂ, ਇਹਨਾਂ ਵਿੱਚੋਂ ਬਹੁਤ ਸਾਰੀਆਂ ਗੈਰ-ਕਾਨੂੰਨੀ ਪ੍ਰਯੋਗਸ਼ਾਲਾਵਾਂ ਅੱਤਵਾਦੀ ਸੰਗਠਨਾਂ ਨਾਲ ਜੁੜੀਆਂ ਹੋਈਆਂ ਹਨ, ਜੋ ਇਹਨਾਂ ਦੀ ਵਰਤੋਂ ਵਿੱਤੀ ਸਰੋਤ ਇਕੱਠੇ ਕਰਨ ਅਤੇ ਸਮਾਜ ਵਿੱਚ ਅਸਥਿਰਤਾ ਪੈਦਾ ਕਰਨ ਲਈ ਕਰਦੀਆਂ ਹਨ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ



ਫ਼ਗਵਾੜਾ (ਸੁਸ਼ੀਲ ਸ਼ਰਮਾ ) ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ,ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਬਤੌਰ ਡਿਊਟੀ ਮੈਜਿਸਟ੍ਰੇਟ ਸ਼੍ਰੀ ਜਗਬੀਰ ਸਿੰਘ ਉੱਪ-ਮੰਡਲ ਇੰਜੀਨੀਅਰ (ਜਸ), ਏ.ਡੀ.ਏ.,ਅੰਮ੍ਰਿਤਸਰ ਅਤੇ ਥਾਣਾ ਕੱਥੂਨੰਗਲ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਪਠਾਨਕੋਟ ਨੈਸ਼ਨਲ ਹਾਈਵੇਅ ਉੱਪਰ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਅਨੁਸਾਰ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਵਿਕਸਿਤ ਕੀਤੀ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਨੇ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਕੁੱਲ 14 ਕਲੋਨਾਈਜਰਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।

ਜਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ,ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।

# ਸਕੂਲ ਵਾਹਨਾਂ ਦੀ ਸੁਰੱਖਿਆ,ਬਲੈਕ ਸਪਾਟ ਥਾਵਾਂ ਦੀ ਪਹਿਚਾਣ ਤੇ ਅਵਾਜਾਈ ਕਾਨੂੰਨਾਂ ਨੂੰ ਲਾਗੂ ਕਰਨ 'ਤੇ ਦਿੱਤੀ ਜਾਵੇ ਵਿਸ਼ੇਸ਼ ਤਵੱਜੋਂ-ਡਿਪਟੀ ਕਮਿਸ਼ਨਰ




ਫ਼ਗਵਾੜਾ (ਸੁਸ਼ੀਲ ਸ਼ਰਮਾ ) ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਟਰੈਫਿਕ ਪੁਲਿਸ, ਟਰਾਂਸਪੋਰਟ ਅਤੇ ਸਿੱਖਿਆ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇ।

ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ੋਰ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਰੋਜ਼ਾਨਾ ਸਕੂਲ ਜਾਂਦੇ ਵਿਦਿਆਰਥੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਸਾਰੇ ਸਕੂਲ ਵਾਹਨ ਜਰੂਰੀ ਸੁਰੱਖਿਆ ਮਾਪਦੰਡਾਂ ਅਨੁਸਾਰ ਲੈਸ ਹੋਣੇ ਚਾਹੀਦੇ ਹਨ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਸੜਕੀ ਦੁਰਘਟਨਾਵਾਂ ਖਾਸ ਕਰਕੇ ਧੁੰਦ ਵਾਲੇ ਸੀਜ਼ਨ ਦੌਰਾਨ ਹਾਦਸਿਆਂ ਨੂੰ ਰੋਕਣ ਲਈ ਜ਼ਿਲ੍ਹੇ ਭਰ ਵਿੱਚ ਬਲਾਕ ਸਪਾਟ ਥਾਵਾਂ ਦੀ ਪਹਿਚਾਣ ਪਿੱਛੋਂ ਤੁਰੰਤ ਸਾਈਨੇਜ ,ਰਿਫਲੈਕਟਰ ਤੇ ਲਾਇਟਾਂ ਲਗਾਈਆਂ ਜਾਣ ਤਾਂ ਜੋ ਹਾਦਸਿਆਂ ਨੂੰ ਰੋਕਿਆ ਜਾ ਸਕੇ ।

ਉਨ੍ਹਾਂ ਕਿਹਾ ਕਿ ਟਰੈਫਿਕ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਟਰੈਫਿਕ ਪੁਲਿਸ ਨੂੰ ਇਹ ਵੀ ਹਦਾਇਤਾਂ ਕੀਤੀਆਂ ਕਿ ਅਵਾਜਾਈ ਨਿਯਮਾਂ ਦੀ ਪਾਲਣਾ ਹਿੱਤ ਈ-ਚਲਾਨ ਜਾਰੀ ਕਰਨ ਨੂੰ ਯਕੀਨੀ ਬਣਾਇਆ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਵਾਜਾਈ ਦੀ ਸਥਿਤੀ ਵਿੱਚ ਸੁਧਾਰ ਹੋਣ ਦਾ ਜਾਇਜ਼ਾ ਲੈਣ ਲਈ ਨਿਯਮਤ ਤੌਰ 'ਤੇ ਮੀਟਿੰਗਾਂ ਕੀਤੀਆਂ ਜਾਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ,ਐਸ.ਡੀ.ਐਮਜ. ਮੇਜਰ ਇਰਵਿਨ ਕੌਰ,ਅਪਰਣਾ ਤੇ ਜਸ਼ਨਜੀਤ ਸਿੰਘ ਤੇ ਸੜਕ ਸੁਰੱਖਿਆ ਕਮੇਟੀ ਦੇ ਮੈਂਬਰ ਆਦਿ ਹਾਜ਼ਰ ਸਨ ।

# ਬੀ.ਈ.ਈ.ਸਤਨਾਮ ਸਿੰਘ ਦੇ ਰਹੇ ਹਨ ਬਲਾਕ ਪਾਂਛਟਾ ਦੇ 91 ਪਿੰਡਾਂ ਦੇ ਪੰਚਾਂ-ਸਰਪੰਚਾਂ ਨੂੰ ਸਿਹਤ ਸਕੀਮਾ ਦੀ ਜਾਣਕਾਰੀ



ਫਗਵਾੜਾ (ਸੁਸ਼ੀਲ ਸ਼ਰਮਾ ) ਸਟੇਟ ਇੰਸਟੀਚਿਊਟ ਆਫ਼ ਰੂਰਲ ਡਿਵੈਲਪਮੈਂਟ ਮੁਹਾਲੀ ਦੇ ਦਿਸ਼ਾ-ਨਿਰਦੇਸ਼ਾਂ ਤੇ ਕਪੂਰਥਲਾ ਜ਼ਿਲ੍ਹੇ ਦੇ ਬਲਾਕ ਪਾਂਛਟਾ ਦੇ ਨਵੇਂ ਚੁਣੇ ਗਏ ਸਰਪੰਚਾਂ ਅਤੇ ਪੰਚਾਂ ਨੂੰ ਬਲਾਕ ਦਫ਼ਤਰ ਫ਼ਗਵਾੜਾ ਵਿਖੇ 2 ਜਨਵਰੀ ਤੋਂ 15 ਫਰਵਰੀ ਤੱਕ ਸਿਖਲਾਈ ਦਿੱਤੀ ਜਾ ਰਹੀ ਹੈ।

ਜ਼ਿਲ੍ਹੇ ਕਪੂਰਥਲਾ ਦੇ ਬਲਾਕ ਪਾਂਛਟਾ ਦੇ ਕਰੀਬ 91 ਪਿੰਡਾਂ ਦੇ ਸਰਪੰਚ ਅਤੇ ਪੰਚ ਭਾਗ ਲੈ ਰਹੇ ਹਨ।

ਰਿਸੋਰਸ ਪਰਸਨ ਜਸਵਿੰਦਰ ਸਿੰਘ ਅਤੇ ਮੈਡਮ ਨੇ ਸਰਪੰਚਾਂ-ਪੰਚਾਂ ਨੂੰ ਗ੍ਰਾਮ ਸਭਾ,ਆਮਦਨ ਦੇ ਸਰੋਤ,ਸਥਾਈ ਕਮੇਟੀਆਂ, ਸਿੱਖਿਆ ਅਤੇ ਸਿਹਤ ਖੇਤਰ ਵਿੱਚ ਪੰਚਾਇਤਾਂ ਦੇ ਯੋਗਦਾਨ, ਮਨਰੇਗਾ ਸਬੰਧੀ ਜਾਣਕਾਰੀ, ਵਾਤਾਵਰਣ ਪ੍ਰਬੰਧਨ ਅਤੇ ਨਸ਼ਿਆਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਮੌਕੇ ਤੇ ਸਿਹਤ ਵਿਭਾਗ ਦੇ ਨੁਮਾਂਇੰਦੇ ਸਤਨਾਮ ਸਿੰਘ ਬੀ.ਈ.ਈ.ਬਲਾਕ ਪਾਂਛਟਾ ਨੇ ਇਸ ਸਿਖਲਾਈ ਪ੍ਰੋਗਰਾਮ ਦੌਰਾਨ ਕੇਂਦਰ ਅਤੇ ਪੰਜਾਬ ਸਰਕਾਰਾਂ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ ਅਤੇ ਨਾਲ ਹੀ ਇਨ੍ਹਾਂ ਸਕੀਮਾਂ ਤੋਂ ਵੱਧ ਤੋਂ ਵੱਧ ਲਾਭ ਕਿਵੇਂ ਲਿਆ ਜਾ ਸਕਦਾ ਹੈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ।

# 8 ਮਾਰਚ ਨੂੰ ਲੱਗੇਗੀ ਨੈਸ਼ਨਲ ਲੋਕ ਅਦਾਲਤ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਤਹਿਤ 8 ਮਾਰਚ 2025 ਨੂੰ ਕਪੂਰਥਲਾ,ਫਗਵਾੜਾ,ਸੁਲਤਾਨਪੁਰ ਲੋਧੀ ਅਤੇ ਭੁੱਲਥ ਦੀਆਂ ਸਾਰੀਆਂ ਅਦਾਲਤਾਂ ਵਿਚ ਨੈਸ਼ਨਲ ਲੋਕ ਅਦਾਲਤ ਲਾਈ ਜਾ ਰਹੀ ਹੈ ।

ਇਸ ਸੰਬੰਧੀ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਰਾਜਵੰਤ ਕੌਰ ਵੱਲੋਂ ਸਮੂਹ ਜੂਡੀਸ਼ੀਅਲ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਨੈਸ਼ਨਲ ਲੋਕ ਅਦਾਲਤ ਤੋਂ ਪਹਿਲਾਂ ਸਮੇਂ-ਸਮੇਂ 'ਤੇ ਪ੍ਰੀ-ਲੋਕ ਅਦਾਲਤਾਂ ਲਗਾ ਕੇ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਦੌਰਾਨ ਕ੍ਰਿਮੀਨਲ ਕੰਪਾਊਂਡੇਬਲ ਕੇਸ,ਧਾਰਾ 138 ਐੱਨ.ਆਈ.ਐਕਟ, ਐੱਮ.ਏ.ਸੀ.ਟੀ.ਕੇਸ,ਵਿਵਾਹਿਕ/ਪਰਿਵਾਰਿਕ ਮਾਮਲੇ,ਲੇਬਰ ਮੈਟਰਜ਼,ਲੈਂਡ ਐਕੂਜ਼ੀਸ਼ਨ ਮੈਟਰਜ਼,ਸਿਵਲ ਕੇਸ,ਰੈਂਟ,ਬੈਂਕ ਰਿਕਵਰੀ,ਰੈਵਿਨਿਊ ਕੇਸ,ਬਿਜਲੀ ਅਤੇ ਪਾਣੀ ਬਿੱਲਾਂ ਸਬੰਧੀ, ਸਰਵਿਸ ਮੈਟਰ ਵਗੈਰਾ ਕੇਸ ਸ਼ਾਮਿਲ ਕੀਤੇ ਜਾਣਗੇ।

ਉਨ੍ਹਾਂ ਇਹ ਵੀ ਦੱਸਿਆ ਕਿ ਨੈਸ਼ਨਲ ਲੋਕ ਅਦਾਲਤਾਂ ਰਾਹੀਂ ਹੋਏ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੁੰਦੀ ਹੈ, ਇਸਦੇ ਫੈਸਲੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ। ਇਸਦੇ ਫੈਸਲੇ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ ਅਤੇ ਨੈਸ਼ਨਲ ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ।

ਉਨ੍ਹਾਂ ਨੈਸ਼ਨਲ ਲੋਕ ਅਦਾਲਤ ਨੂੰ ਕਾਮਯਾਬ ਬਣਾਉਣ ਲਈ ਸਮੂਹ ਬੀਮਾ ਕੰਪਨੀਆਂ ਅਤੇ ਬੈਂਕ ਮੈਨੇਜਰਾਂ ਨਾਲ ਮੀਟਿੰਗ ਕਰਕੇ ਵੱਧ ਤੋਂ ਵੱਧ ਪ੍ਰੀ ਲਿਟੀਗੇਟੀਵ ਬੈਂਕ ਕੇਸ ਲਗਵਾਉਣ ਲਈ ਵੀ ਨਿਰਦੇਸ਼ ਦਿੱਤੇ।

# ਬੇਟੀ ਬਚਾਓ ,ਬੇਟੀ ਪੜਾਓ ਮੁਹਿੰਮ ਤਹਿਤ ਲੱਗਾ ਵਿਸ਼ੇਸ਼ ਪਲੇਸਮੈਂਟ ਕੈਂਪ



ਫ਼ਗਵਾੜਾ (ਸੁਸ਼ੀਲ ਸ਼ਰਮਾ ) ਜ਼ਿਲ੍ਹਾ ਪ੍ਰਸ਼ਾਸਨ ਵਲੋਂ ਚਲਾਈ ਜਾ ਰਹੀ ਬੇਟੀ ਬਚਾਓ-ਬੇਟੀ ਪੜ੍ਹਾਓ ਮੁਹਿੰਮ ਤਹਿਤ ਲੜਕੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਸਥਾਨਕ ਹਿੰਦੂ ਕੰਨਿਆ ਕਾਲਜ ਵਿਖੇ ਵਿਸ਼ੇਸ਼ ਪਲੇਸਮੈਂਟ-ਕਮ- ਸਵੈ-ਰੋਜ਼ਗਾਰ ਕੈਂਪ ਲਗਾਇਆ ਗਿਆ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਾਜਨ ਸ਼ਰਮਾ ਨੇ ਦੱਸਿਆ ਕਿ ਕੈਂਪ ਵਿੱਚ ਲਗਭਗ 150 ਤੋਂ ਵੱਧ ਪ੍ਰਾਰਥੀਆਂ ਵਲੋਂ ਭਾਗ ਲਿਆ ਗਿਆ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਐਲ.ਆਈ.ਸੀ.ਅਤੇ ਇਨਫਾਰਮੇਸ਼ਨ ਪੁਆਇੰਟ ਵਲੋਂ ਭਾਗ ਲੈਕੇ ਯੋਗ ਪ੍ਰਾਰਥੀਆਂ ਦੀ ਚੋਣ ਕੀਤੀ ਗਈ ਅਤੇ ਸਰਕਾਰੀ ਖੇਤਰ ਦੀਆਂ ਸਵੈ-ਰੋਜ਼ਗਾਰ ਸੰਸਥਾਵਾਂ ਜਿਵੇਂ ਕਿ ਜ਼ਿਲ੍ਹਾ ਉਦਯੋਗ ਕੇਂਦਰ,ਐਸ.ਸੀ.ਕਾਰਪੋਰੇਸ਼ਨ,ਰੂਰਲ ਸੈੱਲਫ ਇਮਪਲਾਈਮੈਂਟ ਟ੍ਰੇਨਿੰਗ ਸੰਸਥਾ ਅਤੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਨੁਮਾਇੰਦਿਆਂ ਵਲੋਂ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਅਤੇ ਸਕਿੱਲ ਟ੍ਰੇਨਿੰਗ ਨਾਲ ਸਬੰਧਿਤ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਕੈਂਪ ਦੌਰਾਨ ਪ੍ਰਾਰਥੀਆਂ ਨੂੰ ਕੈਰੀਅਰ ਗਾਈਡੈਂਸ ਵੀ ਮੁਹੱਈਆ ਕੀਤੀ ਗਈ ਅਤੇ ਲੜ੍ਹਕੀਆਂ ਲਈ ਉਪਲੱਬਧ ਪੰਜਾਬ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਜ਼ਿਲ੍ਹਾ ਰੋਜ਼ਗਾਰ ਬਿਊਰੋ ਦੇ ਪਲੇਸਮੈਂਟ ਅਫ਼ਸਰ ਡੀ.ਬੀ.ਈ.ਈ.ਵਰੁਣ ਜੋਸ਼ੀ ਅਤੇ ਬਲਾਕ ਮਿਸ਼ਨ ਮੈਨੇਜਰ ਪ੍ਰਿਆਂਸ਼ੂਲ ਸ਼ਰਮਾ ਤੋਂ ਇਲਾਵਾ ਹਿੰਦੂ ਕੰਨਿਆ ਕਾਲਜ ਦੇ ਪ੍ਰਿੰਸੀਪਲ ਕੁਲਜਿੰਦਰ ਕੌਰ ਅਤੇ ਸਮੂਹ ਸਟਾਫ਼ ਵੀ ਹਾਜ਼ਰ ਸਨ।

# ਮਾਨ ਸਰਕਾਰ ਦੇ ਵਾਅਦੇ ਮੁਤਾਬਿਕ ਸਸਤਾ ਰੇਤਾ ਮੁਹੱਈਆ ਕਰਵਾਉਣ ਚ ਅਸ.ਫਲ ਰਹੀ ਹੈ ਮਾਨ ਸਰਕਾਰ-ਅਰਵਿੰਦ ਖੰਨਾ

ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਰੇਤ ਮਾਫ਼ੀਆ ਦੇ ਅੱਗੇ ਗੋਡੇ ਟੇਕ ਦਿੱਤੇ ਹਨ ਜਿਸ ਕਾਰਨ ਹੀ ਰੇਤ ਮਾਫ਼ੀਆ ਮਨਮਰਜ਼ੀ ਨਾਲ ਮਾਈਨਿੰਗ ਕਰ ਰਿਹਾ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਨਜ਼ਾਇਜ਼ ਮਾਇਨਿੰਗ ਦਾ ਧੰਦਾ ਸ਼ਰੇਆਮ ਚੱਲ ਰਿਹਾ ਹੈ ਪਰ ਪੰਜਾਬ ਸਰਕਾਰ ਇਸ ਨੂੰ ਰੋਕਣ ਲਈ ਕੋਈ ਯਤਨ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਮੁਕਤ ਸਰਕਾਰ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਅਸਲੀਅਤ ਇਸ ਸਥਿਤੀ ਨੇ ਸਾਹਮਣੇ ਲਿਆ ਦਿੱਤੀ ਹੈ ਕਿ ਪਹਿਲੀਆਂ ਸਰਕਾਰਾਂ ਵਾਂਗ ਇਹ ਪਾਰਟੀ ਵੀ ਰੇਤ ਮਾਫ਼ੀਆ ਦੇ ਹੱਥਾਂ ਵਿੱਚ ਖੇਡਣ ਲੱਗ ਪਈ ਹੈ।



ਖੰਨਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾਅਵਾ ਕਰ ਰਹੀ ਹੈ ਕਿ ਨਜ਼ਾਇਜ਼ ਮਾਇਨਿੰਗ ਬੰਦ ਹੋ ਗਈ ਹੈ। ਪਰ ਰੇਤ ਮਾਫ਼ੀਆ ਦੀਆਂ ਆਪ ਮੁਹਾਰੀ ਨੀਤੀਆਂ ਦੇ ਕਾਰਨ ਅੱਜ ਆਮ ਆਦਮੀ ਨੂੰ ਆਪਣੇ ਰੈਣ-ਬਸੇਰੇ ਲਈ ਰੇਤਾ ਨਾ ਮਿਲਣ ਕਾਰਨ ਘਰ ਬਣਾਉਣਾ ਬੇਹੱਦ ਮੁਸ਼ਕਿਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਮਾਨ ਸਰਕਾਰ ਖੁਦ ਨੂੰ ਆਮ ਆਦਮੀ ਦੇ ਪੱਖ ਵਿੱਚ ਸਮਝਦੀ ਹੈ ਤਾਂ ਉਹ ਲੋਕਾਂ ਨੂੰ ਸਸਤਾ ਰੇਤਾ ਅਤੇ ਬਜ਼ਰੀ ਮੁਹੱਈਆ ਕਰਵਾਵੇ।

ਖੰਨਾ ਨੇ ਕਿਹਾ ਕਿ ਬੜੀ ਮੁਸ਼ਕਿਲ ਨਾਲ ਪੰਜਾਬ ਅੰਦਰ ਰਜਿਸਟਰੀਆਂ ਹੋਣੀਆਂ ਸ਼ੁਰੂ ਹੋਈਆਂ ਸਨ ਸਰਕਾਰ ਦੀਆਂ ਗਲਤ ਨੀਤੀਆਂ ਦੀ ਬਦੌਲਤ ਪਟਵਾਰੀ ਮੁੜ ਤੋਂ ਹੜਤਾਲ ਤੇ ਚਲੇ ਗਏ ਹਨ,ਜਿਸ ਕਾਰਨ ਰਜਿਸਟਰੀਆਂ ਦਾ ਕੰਮ ਫਿਰ ਠੱਪ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਰਜਿਸਟਰੀ ਲਈ ਜਰੂਰੀ ਐਨ.ਓ.ਸੀ. ਲਈ ਵੀ ਲੋਕਾਂ ਨੂੰ ਭਟਕਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਲੋੜੀਦੀਆਂ ਸਹੂਲਤਾਂ ਅਤੇ ਚੀਜਾਂ ਮੁਹੱਈਆ ਕਰਵਾਉਣ ਵਿੱਚ ਅਸਫਲ ਸਾਬਿਤ ਹੋਈ ਹੈ।

# ਸ੍ਰੀ ਗਊਸ਼ਾਲਾ ਕਮੇਟੀ ਧੂਰੀ ਰੋਡ ਵਿਖੇ ਗਊ ਭਲਾਈ ਕੈਂਪ ਦਾ ਆਯੋਜਨ,ਕੀਤਾ ਪਸ਼ੂਆਂ ਦਾ ਚੈਕਅੱਪ



ਮਾਲੇਰਕੋਟਲਾ -(ਕਿੱਮੀ ਅਰੋੜਾ,ਅਸਲਮ ਨਾਜ਼) ਪਸ਼ੂ ਪਾਲਣ ਵਿਭਾਗ ਜ਼ਿਲਾ ਮਾਲੇਰਕੋਟਲਾ ਵੱਲੋਂ ਸਥਾਨਕ ਸ੍ਰੀ ਗਊਸ਼ਾਲਾ ਕਮੇਟੀ,ਧੂਰੀ ਰੋਡ ਵਿਖੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਸੁਖਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਗਊ ਭਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਜਾਰੀ ਰਕਮ 25 ਹਜਾਰ ਦੀਆਂ ਦਵਾਈਆਂ ਗਊਸ਼ਾਲਾ ਵਿਖੇ ਮੁਹੱਈਆ ਕਰਵਾਈਆ ਗਈਆਂ।

ਇਸ ਮੌਕੇ ਮਾਹਿਰ ਡਾਕਟਰਾਂ ਵਲੋਂ ਪਸ਼ੂਆਂ ਦੇ ਇਲਾਜ਼ ਅਤੇ ਨਿਰੀਖਣ ਦੇ ਨਾਲ-ਨਾਲ ਗਊਸ਼ਾਲਾ ਦੇ ਪ੍ਰਬੰਧਕਾਂ ਨੂੰ ਪਸ਼ੂਆਂ ਦੀ ਸਾਂਭ-ਸੰਭਾਲ ਅਤੇ ਪਸ਼ੂਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਵੱਖ-ਵੱਖ ਵੈਕਸੀਨੇਸ਼ਨ ਜਿਵੇਂ ਕਿ ਮੂੰਹ-ਖੁਰ ਟੀਕਾਕਰਨ, ਗਲਘੋਟੂ ਟੀਕਾਕਰਨ,ਬਰੂਸੀਲੋਸਿਸ ਬਿਮਾਰੀ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ।

ਇਸ ਮੌਕੇ ਵੈਟਨਰੀ ਅਫਸਰ ਡਾ. ਵਿਕਰਮ ਕਪੂਰ, ਵੀ.ਓ ਚੌਂਦਾ ਡਾ ਪ੍ਰਦੀਪ ਸਿੰਘ, ਵੀ.ਓ ਬਾਗੜੀਆਂ ਡਾ. ਦਵਿੰਦਰ ਸਿੰਘ, ਵੀ.ਓ ਮਤੋਈ ਡਾ. ਸੁਹੇਲ ਲਿਆਕਤ, ਵੀ.ਓ ਮਦੇਵੀ ਅਮਨਦੀਪ ਸਿੰਘ, ਵੀ.ਓ ਬਾਲੇਵਾਲ ਇਕਬਾਲ ਮੁਹੰਮਦ, ਦਰਜਾਦਾਰ ਨਾਰੀਕੇ ਜਸਵੀਰ ਸਿੰਘ, ਦਰਜਾਦਾਰ ਬਾਠਾਂ ਗਗਨਦੀਪ ਸਿੰਘ ਮੌਜੂਦ ਸਨ।

# '100 ਦਿਨਾਂ ਦੀ ਟੀ.ਬੀ. ਮੁਹਿੰਮ ਨੂੰ ਸ.ਫਲ ਬਣਾਉਣ ਲਈ ਉਪਰਾਲੇ ਹੋਰ ਤੇਜ਼ ਕੀਤੇ ਜਾਣ-ਸਿਵਲ ਸਰਜਨ ਡਾ. ਗੁਰਮੀਤ ਲਾਲ.

ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਟੀ.ਬੀ.ਮੁਕਤ ਭਾਰਤ ਅਭਿਆਨ ਦੇ ਮੱਦੇਨਜ਼ਰ ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਅਗਵਾਈ ਹੇਠ '100 ਦਿਨਾਂ ਦੀ ਟੀ.ਬੀ. ਮੁਹਿੰਮ ਤਹਿਤ ਜਿਲ੍ਹੇ ਵਿੱਚ ਉਪਰਾਲੇ ਹੋਰ ਤੇਜ਼ ਕਰ ਦਿੱਤੇ ਗਏ ਹਨ। ਸਿਵਲ ਸਰਜਨ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਟੀ.ਬੀ.ਦੇ ਐਕਟਿਵ ਕੇਸ ਫਾਇੰਡਿੰਗ (ਏ.ਸੀ.ਐਫ.) ਪ੍ਰੋਜੈਕਟ ਤਹਿਤ ਟੀ.ਬੀ.ਰੋਗੀਆਂ ਦੀ ਖੋਜ,ਮੌਤ ਦਰ ਵਿੱਚ ਕਮੀ ਲਿਆਉਣ ਅਤੇ ਟੀ.ਬੀ. ਦੀ ਰੋਕਥਾਮ ਲਈ ਸੰਵੇਦਨਸ਼ੀਲ ਖੇਤਰਾਂ ਵਿੱਚ ਕੈਂਪ ਲਗਾ ਕੇ ਟੀ.ਬੀ.ਦੇ ਮਰੀਜਾਂ ਦੀ ਸਕ੍ਰੀਨਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਟੀ.ਬੀ.ਦੀ ਰੋਕਥਾਮ ਸੰਬੰਧੀ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਗਿਆ ਹੈ।ਇਸ ਸੰਬੰਧੀ ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਅਫ਼ਸਰਾਂ ਨਾਲ ਵੀ.ਸੀ. ਕੀਤੀ ਗਈ ਅਤੇ ਉਨ੍ਹਾਂ ਨੂੰ ਜ਼ਰੂਰੀ ਹਦਾਇਤਾਂ ਦਿੱਤੀਆਂ ਗਈਆਂ। ਉਨ੍ਹਾਂ ਨੇ ਹਦਾਇਤ ਕੀਤੀ ਕਿ ਮੁਹਿੰਮ ਖਤਮ ਹੋਣ ਤੱਕ ਸਾਰੇ ਸਕ੍ਰੀਨ ਕੀਤੇ ਮਰੀਜਾਂ ਦੇ 100 ਫੀਸਦ ਟੈਸਟ ਅਤੇ



ਐਕਸ-ਰੇ ਕਰਨਾ ਯਕੀਨੀ ਬਣਾਇਆ ਜਾਵੇ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਹਦਾਇਤ ਕੀਤੀ ਕਿ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ 100 ਦਿਨਾਂ ਦੀ ਟੀ.ਬੀ. ਮੁਹਿੰਮ ਦੌਰਾਨ ਜਿਲ੍ਹੇ ਵਿੱਚ ਸਲੱਮ ਏਰੀਆ, ਇੰਡਸਟ੍ਰੀਅਲ ਏਰੀਆ,ਹਾਈ ਰਿਸਕ ਖੇਤਰ ਕਵਰ ਕੀਤੇ ਜਾ ਰਹੇ ਹਨ ਅਤੇ ਟੀ.ਬੀ.ਦੇ ਮਰੀਜਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਟੀ.ਬੀ. ਦੀ ਮੁਫ਼ਤ ਜਾਂਚ ਅਤੇ ਇਲਾਜ ਦੀ ਸੁਵਿਧਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿੱਚ ਜਲੰਧਰ ਜਿਲ੍ਹੇ ਨੂੰ ਪੰਜਾਬ ਭਰ ਵਿੱਚ ਮੋਹਰੀ ਬਣਾਉਣ ਲਈ ਜਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਹੁਣ ਤੱਕ 1,25,979 ਟੀ.ਬੀ. ਮਰੀਜਾਂ ਦੀ ਸਕ੍ਰੀਨਿੰਗ ਅਤੇ 1640 ਮਰੀਜਾਂ ਦੇ ਐਕਸਰੇ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ 100 ਦਿਨਾਂ ਦੀ ਟੀ.ਬੀ.ਮੁਹਿੰਮ ਦੌਰਾਨ 07 ਦਸੰਬਰ,2024 ਤੋਂ 15 ਜਨਵਰੀ, 2025 ਤੱਕ 251 ਟੀ.ਬੀ. ਦੇ ਮਰੀਜਾਂ ਦੀ ਸ਼ਨਾਖਤ ਕੀਤੀ ਕਰਕੇ ਇਲਾਜ ਦੀ ਸੁਵਿਧਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਸਮੇਂ ਜਿਲ੍ਹੇ ਵਿੱਚ 2881 ਟੀ.ਬੀ. ਮਰੀਜਾਂ ਦਾ ਇਲਾਜ ਚੱਲ ਰਿਹਾ ਹੈ।

ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਦੱਸਿਆ ਗਿਆ ਕਿ ਟੀ.ਬੀ.ਇੱਕ ਛੂਤ ਦਾ ਰੋਗ ਹੈ ਅਤੇ ਸਹੀ ਅਤੇ ਮੁਕੰਮਲ ਇਲਾਜ ਨਾਲ ਇਹ ਰੋਗ ਪੂਰੀ ਤਰਾਂ ਨਾਲ ਠੀਕ ਹੋ ਜਾਂਦਾ ਹੈ, ਟੀ.ਬੀ.ਦਾ ਰੋਗ ਛਿਪਾਉਣ ਨਾਲ, ਇਲਾਜ (ਦਵਾਈ) ਅੱਧ ਵਿਚਾਲੇ ਬੰਦ ਕਰਨ ਲਾਲ ਇਹ ਰੋਗ ਘਾਤਕ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਟੀ.ਬੀ. ਦੀ ਬਿਮਾਰੀ ਦੀ ਮੁਫ਼ਤ ਜਾਂਚ ਅਤੇ ਇਲਾਜ ਟੀ.ਬੀ. ਕੰਟਰੋਲ ਪ੍ਰੋਗਰਾਮ ਤਹਿਤ ਕੀਤਾ ਜਾਂਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ 2 ਹਫਤੇ ਜਾਂ ਇਸ ਤੋਂ ਵੱਧ ਸਮੇਂ ਦੀ ਖਾਂਸੀ ਹੋਣ ਤੇ ਟੀ.ਬੀ. ਦੀ ਜਾਂਚ ਕਰਵਾਈ ਜਾਵੇ ਅਤੇ ਟੀ.ਬੀ.ਹੋਣ ਤੇ ਡਾਕਟਰ ਦੀ ਸਲਾਹ ਨਾਲ ਦਵਾਈ ਦਾ ਪੂਰਾ ਕੋਰਸ ਕੀਤਾ ਜਾਵੇ।

# ਬਲੱਡ ਬੈਂਕ ਫਗਵਾੜਾ 'ਚ ਲਗਾਇਆ ਫਿਜ਼ੀਓਥੈਰੇਪੀ ਦਾ ਲੜੀਵਾਰ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਲੜੀਵਾਰ ਫਿਜ਼ੀਓਥੈਰੇਪੀ ਦਾ ਫਰੀ ਕੈਂਪ ਐਲ.ਪੀ.ਯੂ ਦੇ ਫਿਜ਼ੀਓਥੈਰੇਪੀ ਵਿਭਾਗ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਦੌਰਾਨ ਡਾ: ਮਿਨਾਕਸ਼ੀ ਸ਼ਰਮਾ ਨੇ ਲੋੜਵੰਦ ਮਰੀਜਾਂ ਦਾ ਮੁਆਇਨਾ ਕਰਕੇ 25 ਮਰੀਜਾਂ ਦੀ ਫਿਜ਼ੀਓਥੈਰੇਪੀ ਰਾਹੀਂ ਇਲਾਜ ਲਈ ਚੋਣ ਕੀਤੀ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਚੁਣੇ ਗਏ ਮਰੀਜਾਂ ਦਾ ਇਲਾਜ ਲਵਲੀ ਫਿਜ਼ੀਓਥੈਰੇਪੀ ਸੈਂਟਰ (ਲਵਲੀ ਆਟੋਜ) ਜੀ.ਟੀ. ਰੋਡ ਫਗਵਾੜਾ ਵਿਖੇ ਬਿਲਕੁਲ ਮੁਫ਼ਤ ਕੀਤਾ ਜਾਵੇਗਾ। ਕੈਂਪ ਦੇ ਕੋਆਰਡੀਨੇਟਰ ਗਗਨਦੀਪ ਸਿੰਘ ਅਨੁਸਾਰ ਇਸ ਕੈਂਪ ਵਿਚ ਗਰਦਨ, ਲੱਕ ਤੇ ਗੋਡਿਆਂ ਦੇ ਦਰਦ ਤੋਂ ਇਲਾਵਾ ਹੋਰ ਬਿਮਾਰੀਆਂ ਦੇ ਮਰੀਜ ਵੀ ਸ਼ਾਮਲ ਸਨ। ਉਹਨਾਂ ਦੱਸਿਆ ਕਿ ਫਿਜੀਓਥੈਰੇਪੀ ਵਿਧੀ ਨਾਲ ਦਵਾਈਆਂ ਤੋਂ ਬਿਨਾਂ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਵਿਪਨ ਜੈਨ, ਕੁਲਦੀਪ ਦੁੱਗਲ, ਰੂਪ ਲਾਲ ਆਦਿ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਗਣਤੰਤਰ ਦਿਵਸ ਸਮਾਗਮ ਦੌਰਾਨ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਅਤੇ ਵਿਕਾਸ ਦੀ ਖ਼ੂਬਸੂਰਤ ਤਸਵੀਰ ਪੇਸ਼ ਕਰਨਗੀਆਂ ਝਾਕੀਆਂ

ਗੁਰਦਾਸਪੁਰ-ਨਵਨੀਤ ਕੁਮਾਰ - 26 ਜਨਵਰੀ ਨੂੰ ਗਣਤੰਤਰ ਦਿਵਸ ਸਮਾਗਮ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਕਾਸ ਨੂੰ ਦਰਸਾਉਂਦੀਆਂ ਵੱਖ-ਵੱਖ ਝਾਕੀਆਂ ਪੇਸ਼ ਕੀਤੀਆਂ ਜਾਣਗੀਆਂ। ਇਨ੍ਹਾਂ ਝਾਕੀਆਂ ਦੀਆਂ ਤਿਆਰੀਆਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ ਵੱਲੋਂ ਅੱਜ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਨੇ ਕਿਹਾ ਕਿ 26 ਜਨਵਰੀ ਨੂੰ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ, ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਗਣਤੰਤਰ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਉਨ੍ਹਾਂ ਦੱਸਿਆ ਕਿ ਕੌਮੀ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ



ਪੰਜਾਬ ਪੁਲਿਸ ਦੇ ਜਵਾਨਾਂ, ਪੰਜਾਬ ਪੁਲਿਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ, ਐੱਨ.ਸੀ.ਸੀ. ਕੈਡਿਟਸ ਅਤੇ ਸਕੂਲੀ ਵਿਦਿਆਰਥੀਆਂ ਦੀਆਂ ਬੈਂਡ ਟੀਮਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਜਾਵੇਗਾ। ਇਸ ਤੋਂ ਬਾਅਦ ਵੱਖ-ਵੱਖ ਵਿਭਾਗਾਂ ਵੱਲੋਂ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ ਅਤੇ ਵਿਕਾਸ ਨੂੰ ਦਰਸਾਉਂਦੀਆਂ ਝਾਕੀਆਂ ਪੇਸ਼ ਕੀਤੀਆਂ ਜਾਣਗੀਆਂ, ਜੋ ਸਾਰਿਆਂ ਦੀ ਖਿੱਚ ਦਾ ਕੇਂਦਰ ਹੋਣਗੀਆਂ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ ਵਿਭਾਗ ਦੀ ਝਾਕੀ ਨੂੰ ਖ਼ੂਬਸੂਰਤੀ ਨਾਲ ਤਿਆਰ ਕਰਨ ਤਾਂ ਜੋ ਇਹ ਝਾਕੀਆਂ ਰਾਜ ਸਰਕਾਰ ਦੀਆਂ ਭਲਾਈ ਯੋਜਨਾਵਾਂ ਤੇ ਵਿਕਾਸ ਦੀ ਖ਼ੂਬਸੂਰਤ ਤਸਵੀਰ ਪੇਸ਼ ਕਰਨ। ਉਨ੍ਹਾਂ ਕਿਹਾ ਕਿ ਜਿਹੜੇ ਵਿਭਾਗਾਂ ਨੇ ਝਾਕੀਆਂ ਪੇਸ਼ ਕਰਨੀਆਂ ਹਨ ਉਹ ਹੁਣ ਤੋਂ ਹੀ ਉਸਦੀ ਤਿਆਰੀ ਵਿੱਚ ਜੁੱਟ ਜਾਣ। ਉਨ੍ਹਾਂ ਕਿਹਾ ਕਿ ਜਿਹੜੀ ਝਾਕੀ ਸਭ ਤੋਂ ਖ਼ੂਬਸੂਰਤ ਹੋਵੇਗੀ ਉਸ ਨੂੰ ਮੁੱਖ ਮਹਿਮਾਨ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ।

# ਕਾਨਪੁਰ ਦੇ ਕਰੋੜਾਂ ਰੁਪਏ ਦੇ ਜ਼ਮੀਨ ਹੜੱਪਣ ਦੇ ਮਾਮਲੇ ਵਿੱਚ ਸਾਬਕਾ ਮੰਤਰੀ ਨੇ FIR ਦਰਜ ਕਰਨ ਤੋਂ ਕੀਤਾ ਇਨਕਾਰ, ਅਦਾਲਤ ਜਾਣਗੇ

ਕਾਨਪੁਰ।(ਸੁਨੀਲ ਬਾਜਪਾਈ) ਇੱਥੇ ਬਹੁਤ ਚਰਚਿਤ ਏਪੀ ਫੇਨੀ ਜ਼ਮੀਨ ਹੜੱਪਣ ਦੇ ਮਾਮਲੇ ਵਿੱਚ, ਸਮਾਜਵਾਦੀ ਪਾਰਟੀ ਦੇ ਸਾਬਕਾ ਮੰਤਰੀ ਸ਼ਿਵਕੁਮਾਰ ਬੇਰੀਆ ਜ਼ਮੀਨ ਖਰੀਦੋ-ਫਰੋਖਤ ਦੇ ਦੋਸ਼ੀਆਂ ਵਿਰੁੱਧ ਐਫਆਈਆਰ ਦਰਜ ਨਹੀਂ ਕਰਨਗੇ। ਉਸਨੇ ਇਸ ਵਿਰੁੱਧ ਅਦਾਲਤ ਜਾਣ ਦੀ ਤਿਆਰੀ ਕਰ ਲਈ ਹੈ। ਉਹ ਇਸ ਸਬੰਧ ਵਿੱਚ ਕੱਲ੍ਹ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਨੂੰ ਵੀ ਮਿਲੇ ਸਨ, ਜਿਸ ਤੇ ਉਨ੍ਹਾਂ ਨੂੰ ਜ਼ਮੀਨ ਖਰੀਦਣ ਅਤੇ ਵੇਚਣ ਵਾਲਿਆਂ ਵਿਰੁੱਧ ਮਾਮਲਾ ਦਰਜ ਕਰਨ ਲਈ ਅਰਜ਼ੀ ਦੇਣ ਲਈ ਕਿਹਾ ਗਿਆ ਸੀ, ਪਰ ਅੱਜ ਵੀਰਵਾਰ ਨੂੰ ਉਨ੍ਹਾਂ ਨੇ ਅਜਿਹੀ ਕੋਈ ਅਰਜ਼ੀ ਨਹੀਂ ਦਿੱਤੀ। ਜਿਸ ਤੋਂ ਬਾਅਦ ਇਸ ਮਾਮਲੇ ਦੀ ਜਾਂਚ ਅੱਗੇ ਵਧਾਈ ਜਾਵੇਗੀ।

ਦਰਅਸਲ, ਸਾਬਕਾ ਮੰਤਰੀ ਸ਼ਿਵਕੁਮਾਰ ਬੇਰੀਆ ਨੇ ਵੀ ਉਸੇ ਨਾਜ਼ੂਲ ਜ਼ਮੀਨ ਵਿੱਚ 100-100 ਵਰਗ ਗਜ਼ ਦੇ ਦੋ ਪਲਾਂਟ ਖਰੀਦੇ ਹਨ। ਮਾਮਲੇ ਦੀ ਜਾਂਚ ਕਰ ਰਹੀ ਐਸਆਈਟੀ ਨੇ ਹੁਣ ਤੱਕ ਸਲੀਮ ਬਿਰਿਆਨੀ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਹੈ।



ਸਮਾਜਵਾਦੀ ਪਾਰਟੀ ਸਰਕਾਰ ਵਿੱਚ ਸਾਬਕਾ ਮੰਤਰੀ ਸ਼ਿਵਕੁਮਾਰ ਬੇਰੀਆ, ਜਿਨ੍ਹਾਂ ਨੇ ਕਰੋੜਾਂ ਰੁਪਏ ਦੀ ਨਜ਼ੂਲ ਜ਼ਮੀਨ ਦੇ ਦੋ ਪਲਾਟ ਖਰੀਦੇ ਸਨ, ਦਾ ਕਹਿਣਾ ਹੈ ਕਿ ਉਨ੍ਹਾਂ ਨੇ ਸਰਕਲ ਰੇਟ ਦੇ ਆਧਾਰ ਤੇ ਪੂਰੀ ਰਕਮ ਅਦਾ ਕਰਕੇ 80 ਲੱਖ ਰੁਪਏ ਵਿੱਚ ਜ਼ਮੀਨ ਖਰੀਦੀ ਸੀ। ਅਤੇ ਹੁਣ ਜੇਕਰ ਉਹ ਇਸ ਮਾਮਲੇ ਵਿੱਚ ਐਫਆਈਆਰ ਦਰਜ ਕਰਦਾ ਹੈ ਤਾਂ ਉਸਦੇ 80 ਲੱਖ ਰੁਪਏ ਦਾ ਨੁਕਸਾਨ ਹੋ ਜਾਵੇਗਾ।

ਸਾਬਕਾ ਮੰਤਰੀ ਬੇਰੀਆ ਨੇ ਕਿਹਾ ਕਿ ਉਹ ਪੂਰੇ ਮਾਮਲੇ ਨੂੰ ਲੈ ਕੇ ਅਦਾਲਤ ਜਾਣਗੇ। ਇਸ ਦੇ ਉਲਟ, ਪੁਲਿਸ ਅਧਿਕਾਰੀਆਂ ਅਨੁਸਾਰ, ਜੇਕਰ ਸਾਬਕਾ ਮੰਤਰੀ ਸ਼ਿਵਕੁਮਾਰ ਜ਼ਮੀਨ ਖਰੀਦਣ ਅਤੇ ਵੇਚਣ ਵਾਲੇ ਵਿਅਕਤੀ ਵਿਰੁੱਧ ਅਰਜ਼ੀ ਦਾਇਰ ਨਹੀਂ ਕਰਦੇ ਹਨ, ਤਾਂ ਉਸਨੂੰ ਵੀ ਇਸ ਮਾਮਲੇ ਵਿੱਚ ਪਹਿਲਾਂ ਹੀ ਦਰਜ ਰਿਪੋਰਟ ਦੇ ਆਧਾਰ ਤੇ ਦੋਸ਼ੀ ਬਣਾਇਆ ਜਾਵੇਗਾ। ਇਸਦਾ ਕਾਰਨ ਨਾਜ਼ੂਲ ਜ਼ਮੀਨ ਦੀ ਗੈਰ-ਕਾਨੂੰਨੀ ਖਰੀਦੋ-ਫਰੋਖਤ ਹੈ।

ਤੁਹਾਨੂੰ ਦੱਸ ਦੇਈਏ ਕਿ ਕਰਨਲਗੰਜ ਥਾਣਾ ਖੇਤਰ ਦੇ ਸਿਵਲ ਲਾਈਨਜ਼ ਵਿੱਚ ਸਥਿਤ 500 ਕਰੋੜ ਦੇ ਏਪੀ ਫੇਨੀ ਜ਼ਮੀਨੀ ਕਬਜ਼ੇ ਦੇ ਮਾਮਲੇ ਵਿੱਚ ਹੁਣ ਤੱਕ ਪੁਲਿਸ ਨੇ ਦੋ ਐਫਆਈਆਰ ਦਰਜ ਕੀਤੀਆਂ ਹਨ। ਦੋਵਾਂ ਐਫਆਈਆਰਜ਼ ਦੀ ਜਾਂਚ ਗਠਿਤ ਐਸਆਈਟੀ ਦੁਆਰਾ ਕੀਤੀ ਜਾ ਰਹੀ ਹੈ। ਹੁਣ ਤੱਕ ਉਹ ਇਸ ਮਾਮਲੇ ਵਿੱਚ ਸਲੀਮ ਬਿਰਿਆਨੀ ਸਮੇਤ ਤਿੰਨ ਦੋਸ਼ੀਆਂ ਨੂੰ ਜੇਲ੍ਹ ਭੇਜ ਚੁੱਕੀ ਹੈ।

ਇਸ ਵੇਲੇ, ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਸਮਾਜਵਾਦੀ ਪਾਰਟੀ ਸਰਕਾਰ ਵਿੱਚ ਸਾਬਕਾ ਮੰਤਰੀ ਸ਼ਿਵਕੁਮਾਰ ਬੇਰੀਆ ਨੇ ਲੋਕਾਂ ਤੋਂ ਨਜ਼ੂਲ ਜ਼ਮੀਨ ਤੇ 100 ਵਰਗ ਗਜ਼ ਦੇ ਦੋ ਪਲਾਟ ਖਰੀਦੇ ਹਨ। ਉਹ ਅਜਿਹਾ ਕਰਨ ਵਾਲੇ ਦੋਸ਼ੀ ਵਿਰੁੱਧ ਐਫਆਈਆਰ ਦਰਜ ਕਰਨ ਲਈ ਤਿਆਰ ਨਹੀਂ ਹੈ। ਹੁਣ ਅਸੀਂ ਇਸ ਮਾਮਲੇ ਵਿੱਚ ਅਦਾਲਤ ਤੱਕ ਪਹੁੰਚ ਕਰਨ ਦੀ ਤਿਆਰੀ ਕਰ ਰਹੇ ਹਾਂ। ਦੂਜੇ ਪਾਸੇ, ਪੁਲਿਸ ਸੂਤਰਾਂ ਦਾ ਦਾਅਵਾ ਹੈ ਕਿ ਹੁਣ ਸਾਬਕਾ ਮੰਤਰੀ ਸ਼ਿਵਕੁਮਾਰ ਨੂੰ ਵੀ ਪਹਿਲਾਂ ਤੋਂ ਦਰਜ ਮਾਮਲੇ ਦੇ ਆਧਾਰ ਤੇ ਇਸ ਮਾਮਲੇ ਵਿੱਚ ਦੋਸ਼ੀ ਬਣਾਇਆ ਜਾ ਸਕਦਾ ਹੈ। ਜਿਸ ਕਾਰਨ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵੱਧ ਸਕਦੀਆਂ ਹਨ। ਕੁੱਲ ਮਿਲਾ ਕੇ, ਇਹ ਐਪੀਸੋਡ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

# ਪੰਜਾਬ ਸਰਕਾਰ ਨੇ ਸੇਵਾ ਕੇਂਦਰਾਂ ਵਿੱਚ ਅਸਤਰ-ਮੁਕਤ ਖੇਤਰ ਅਤੇ ਈ-ਸ਼੍ਰਮ ਨਾਮ ਦੀਆਂ ਦੋ ਹੋਰ ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ



ਗੁਰਦਾਸਪੁਰ-ਨਵਨੀਤ ਕੁਮਾਰ - ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਸੇਵਾ ਕੇਂਦਰਾਂ ਵਿੱਚ ਅਸਤਰ-ਮੁਕਤ ਖੇਤਰ ਅਤੇ ਈ-ਸ਼੍ਰਮ ਨਾਮ ਦੀਆਂ ਦੋ ਹੋਰ ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਸਰਕਾਰ ਵੱਲੋਂ ਕੁਝ ਖੇਤਰ (ਜਿਨ੍ਹਾਂ ਵਿੱਚ ਪੂਜਾ ਸਥਾਨ, ਮੈਰਿਜ ਪੈਲੇਸ, ਹੋਟਲ, ਗੈੱਸਟ ਹਾਊਸ, ਪਬਲਿਕ ਪਾਰਕ, ਸਰਕਾਰੀ ਦਫ਼ਤਰ, ਸ਼ਾਪਿੰਗ ਮਾਲ, ਸਿਨੇਮਾ ਹਾਲ ਆਦਿ ਸ਼ਾਮਲ ਹਨ) ਨਿਰਧਾਰਿਤ ਕੀਤੇ ਗਏ ਹਨ, ਜਿੱਥੇ ਕੋਈ ਵੀ ਅਸਲਾਧਾਰਕ ਵਿਅਕਤੀ ਆਪਣਾ ਅਸਲਾ ਨਹੀਂ ਲਿਜਾ ਸਕਦਾ ਅਤੇ ਨਾ ਹੀ ਓਥੇ ਅਸਲੇ ਦੀ ਵਰਤੋਂ ਕਰ ਸਕਦਾ ਹੈ। ਉਪਰੋਕਤ ਥਾਵਾਂ ਦੇ ਪ੍ਰਬੰਧਕਾਂ ਨੂੰ ਅਸਲਾਧਾਰਕ ਮੁਕਤ ਖੇਤਰਾਂ ਲਈ ਇਹ ਸਰਟੀਫਿਕੇਟ ਲੈਣਾ ਲਾਜ਼ਮੀ ਹੋਵੇਗਾ ਅਤੇ ਇਹ ਸਰਟੀਫਿਕੇਟ ਹੁਣ ਸੇਵਾ ਕੇਂਦਰ ਵਿੱਚ ਅਸਤਰ-ਮੁਕਤ ਖੇਤਰ ਨਾਮ ਦੀ ਸੇਵਾ ਰਾਹੀਂ ਪ੍ਰਾਪਤ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅੱਗੇ ਦੱਸਿਆ ਕਿ ਸੇਵਾ ਕੇਂਦਰ ਵਿੱਚ ਦੂਜੀ ਨਵੀਂ ਸੇਵਾ ਈ-ਸ਼੍ਰਮ ਨਾਮ ਵਾਲੀ ਸ਼ੁਰੂ ਕੀਤੀ ਗਈ ਹੈ, ਜਿਸ ਵਿਚ ਵਿਅਕਤੀ ਆਪਣਾ ਲੇਬਰ ਰਿਕਾਰਡ ਦਰਜ ਕਰਵਾ ਸਕਦਾ ਹੈ। ਇਸ ਸਰਵਿਸ ਨੂੰ ਕੋਈ ਵੀ ਵਿਅਕਤੀ ਅਪਲਾਈ ਕਰਵਾ ਸਕਦਾ ਹੈ, ਪਰ ਇਸ ਸਰਵਿਸ ਲਈ ਬਿਨੈਕਾਰ ਦਾ ਕਿਸੇ ਵੀ ਤਰ੍ਹਾਂ ਦਾ ਸਰਕਾਰੀ ਜਾਂ ਗੈਰ ਸਰਕਾਰੀ ਫ਼ੰਡ ਨਾ ਕੱਟਦਾ ਹੋਏ। ਉਨ੍ਹਾਂ ਕਿਹਾ ਕਿ ਇਹ ਦੋਵੇਂ ਨਵੀਆਂ ਸੇਵਾਵਾਂ ਜ਼ਿਲ੍ਹੇ ਦੇ ਸੇਵਾ ਕੇਂਦਰਾਂ ਵਿੱਚ ਸ਼ੁਰੂ ਹੋ ਗਈਆਂ ਹਨ ਅਤੇ ਜ਼ਿਲ੍ਹਾ ਵਾਸੀਆਂ ਇਨ੍ਹਾਂ ਦਾ ਲਾਭ ਉਠਾ ਸਕਦੇ ਹਨ।

# ਡੇਰਾ ਸੱਚਖੰਡ ਦੁੱਧਾਧਾਰੀ ਈਸਪੁਰ ਵਿਖੇ ਮਾਘੀ ਸਲਾਨਾ ਜੋੜ ਮੇਲਾ ਮਨਾਇਆ ਗਿਆ





ਈਸਪੁਰ (ਸੁਸ਼ੀਲ ਸ਼ਰਮਾ ) ਡੇਰਾ ਸੱਚਖੰਡ ਦੁੱਧਾਧਾਰੀ ਬ੍ਰਹਮਲੀਨ 108 ਸੰਤ ਮੰਗਲ ਦਾਸ ਜੀ ਈਸਪੁਰ ਦੇ ਸੰਚਾਲਕ ਬੀਬੀ ਪ੍ਰਕਾਸ਼ ਕੌਰ ਜੀ ਅਤੇ ਮੌਜੂਦਾ ਗੱਦੀ ਨਸ਼ੀਨ ਸ਼੍ਰੀ 108 ਸੰਤ ਹਰਵਿੰਦਰ ਦਾਸ ਜੀ ਮਹਾਰਾਜ ਦੀ ਰਹਿਨੁਮਾਈ ਹੇਠ ਮਹਾਂਪੁਰਸ਼ਾਂ ਦੀ ਚਲਦੀ ਆ ਰਹੀ ਪ੍ਰੰਮਪਰਾ ਅਨੁਸਾਰ ਮਾਘੀ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਜੋੜ ਮੇਲੇ ਵਿੱਚ ਵੱਖ-ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ ਅਤੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਅਤੇ ਕੀਰਤਨੀ ਜੱਥਿਆਂ ਨੇ ਗੁਰੂ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਕੇ ਹਜ਼ਾਰਾਂ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਜੋੜ ਮੇਲੇ ਵਿੱਚ ਸ਼੍ਰੀ 108 ਸੰਤ ਹਰਵਿੰਦਰ ਦਾਸ ਜੀ ਦੇ ਅਸ਼ੀਰਵਾਦ ਸਦਕਾ ਉੱਘੇ ਸਮਾਜ ਸੇਵੀ ਮਹਿੰਦਰ ਸੂਦ ਵਿਰਕ ਵੱਲੋਂ ਯੂਥ ਬਲੱਡ ਡੋਨਰਸ ਪੰਜਾਬ ਦੇ ਸਹਿਯੋਗ ਨਾਲ ਪਹਿਲਾ ਖ਼ੂਨਦਾਨ ਕੈਂਪ ਲਗਾਇਆ ਗਿਆ।ਜਿਸ ਵਿੱਚ ਅਨੇਕਾਂ ਨੌਜਵਾਨਾਂ ਨੇ ਬੜੇ ਉਤਸ਼ਾਹ ਅਤੇ ਸਵੈ ਇੱਛਾ ਨਾਲ ਖ਼ੂਨਦਾਨ ਕਰਕੇ ਸੰਤਾਂ ਮਹਾਂਪੁਰਸ਼ਾਂ ਦਾ ਅਸ਼ੀਰਵਾਦ ਵੀ ਪ੍ਰਾਪਤ ਕੀਤਾ।

ਸਟੇਜ ਸਕੱਤਰ ਦੀ ਭੂਮਿਕਾ ਤਰਸੇਮ ਲਾਲ ਜੇਈ ਨੇ ਬਾਖ਼ੂਬੀ ਨਿਭਾਈ।ਇਸ ਮੌਕੇ ਸਤਵਿੰਦਰ ਵਿਰਦੀ,ਗੁਰਪ੍ਰੀਤ ਵਿਰਦੀ, ਸਰਪੰਚ ਹਰਨੇਕ ਸਿੰਘ,ਹੀਰਾਲਾਲ ਧੰਨਾ ਰਾਮ ਜੰਡਿਆਲੀ, ਨਰੰਜਣ ਦਾਸ ਜੰਡਿਆਲੀ,ਗੁਰਮੀਤ ਰਾਮ ਸਰਧਾ ਰਾਮ ਜੰਡਿਆਲੀ, ਗੀਤਕਾਰ ਸੱਤਪਾਲ ਸਾਹਲੋਂ,ਪਰਗਣ ਰਾਮ, ਸੁਖਦੇਵ,ਹਰਮਨ, ਕੇਵਲ ਚੰਦ, ਕੁਲਵੰਤ ਸਿੰਘ,ਪ੍ਰਸ਼ੋਤਮ ਲਾਲ, ਮਨੀ,ਸਾਬੀ,ਅਰਸ਼,ਅਤੇ ਸਮੂਹ ਸੰਗਤ ਹਾਜ਼ਰ ਸਨ।

# 'ਦੀ ਨਿਆਮੀਆਂ ਦੁੱਧ ਉਤਪਾਦਕ ਸਹਿਕਾਰੀ ਸਭਾ' ਦੀ ਚੋਣ ਨੂੰ ਰੱਦ ਕਰਨ ਦੀ ਕੀਤੀ ਮੰਗ



ਖਰੜ, (ਕਾਲਾ ਸਿੰਘ ਸੈਣੀ )-'ਦੀ ਨਿਆਮੀਆਂ ਦੁੱਧ ਉਤਪਾਦਕ ਸਹਿਕਾਰੀ ਸਭਾ' ਦੀ ਹੋਈ ਚੋਣ ਨੂੰ ਪਿੰਡ ਨਿਆਮੀਆਂ ਦੇ ਵਸਨੀਕਾਂ ਵਲੋਂ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਅਮਰੀਕ ਸਿੰਘ ਸਾਬਕਾ ਸਰਪੰਚ, ਹਰਨੇਕ ਸਿੰਘ, ਦੀਪ ਸਿੰਘ, ਹਰਿੰਦਰ ਸਿੰਘ, ਹਰਮਿੰਦਰ ਸਿੰਘ, ਭੁਪਿੰਦਰ ਸਿੰਘ, ਨਿਰਮਲ ਸਿੰਘ, ਦਿਲਬਾਗ ਸਿੰਘ, ਪ੍ਰਗਟ ਸਿੰਘ ਸਾਬਕਾ ਪ੍ਰਧਾਨ ਡੇਅਰੀ, ਧਰਮਿੰਦਰ ਸਿੰਘ ਸਮੇਤ ਹੋਰਨਾਂ ਨੇ ਦੱਸਿਆ ਕਿ ਪਿੰਡ ਨਿਆਮੀਆਂ ਵਿਚ ਅੱਜ ਜੋ ਦੁੱਧ ਦੀ ਡੇਅਰੀ ਦੀ ਪ੍ਰਧਾਨਗੀ ਤੇ ਮੈਂਬਰਾਂ ਚੋਣ ਹੋਈ ਹੈ ਉਸ ਵਿਚ ਉਨਾਂ ਦੇ ਮੈਂਬਰਾਂ ਨੂੰ ਬਿਲਕੁੱਲ ਹੀ ਨਜ਼ਰ ਅੰਦਾਜ਼ ਕਰ ਦਿੱਤਾ ਗਿਆ ਜਦੋਂ ਕਿ ਦੂਜੀ ਪਾਰਟੀ ਵੱਲੋਂ ਆਪਣੇ ਹੀ ਮੈਂਬਰਾਂ ਨੂੰ ਕਮੇਟੀ ਵਿਚ ਸਾਮਿਲ ਕਰ ਲਿਆ ਗਿਆ ਹੈ। ਉਨਾਂ ਦੱਸਿਆ ਕਿ ਚੋਣ ਦੌਰਾਨ ਉਨਾਂ ਦੇ ਮੈਂਬਰਾਂ ਨੂੰ ਫਾਰਮ ਤੱਕ ਨਹੀਂ ਦਿੱਤੇ ਗਏ। ਉਨਾਂ ਕਥਿਤ ਤੌਰ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਦੂਜੀ ਪਾਰਟੀ ਵੱਲੋਂ ਇਸ ਚੋਣ ਸਬੰਧੀ ਪਹਿਲਾਂ ਕੋਈ ਵੀ ਅਨਾਊਸਮੈਂਟ ਨਹੀਂ ਕਰਵਾਈ ਗਈ। ਉਨਾਂ ਕਿਹਾ ਕਿ ਦੂਜੀ ਧਿਰ ਅਤੇ ਆਏ ਹੋਏ ਅਧਿਕਾਰੀਆਂ ਨੂੰ ਜਦੋਂ ਹੋਰ ਮੈਂਬਰ ਪਾਉਣ ਲਈ ਕਿਹਾ ਤਾਂ ਉਨਾਂ ਕਿਹਾ ਕਿ 7 ਮੈਂਬਰਾਂ ਤੋਂ ਵੱਧ ਕਮੇਟੀ ਨਹੀਂ ਬਣਾ ਸਕਦੇ। ਉਨਾਂ ਕਿਹਾ ਕਿ ਸਾਨੂੰ ਇਹ ਚੋਣ ਮੰਨਜੂਰ ਨਹੀਂ ਇਸ ਚੋਣ ਨੂੰ ਰੱਦ ਕੀਤਾ ਜਾਵੇ। ਉਨਾਂ ਕਿਹਾ ਕਿ ਜੇਕਰ ਅਧਿਕਾਰੀ ਚੋਣ ਰੱਦ ਨਹੀਂ ਕਰਦੇ ਤਾਂ ਉਹ ਮਾਣਯੋਗ ਅਦਾਲਤ ਵਿਚ ਅਪੀਲ ਕਰਨਗੇ। ਇਸ ਮਾਮਲੇ ਸਬੰਧੀ ਜਦੋਂ ਏ.ਆਰ. ਅਧਿਕਾਰੀ ਅਕਸ਼ਾਨ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਇਸ ਸਬੰਧੀ ਰਿਟਰਨਿੰਗ ਅਫ਼ਸਰ ਨਾਲ ਗੱਲਬਾਤ ਕਰ ਲਓ। ਇਸ ਸਬੰਧੀ ਨਿਆਮੀਆਂ ਦੁੱਧ ਉਦਪਾਦਕ ਸਹਿਕਾਰੀ ਦੇ ਸਕੱਤਰ ਸਤਨਾਮ ਸਿੰਘ ਨਾਲ ਫੋਨ ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਚੋਣ ਬਿਲਕੁੱਲ ਨਿਰਪੱਖ ਤਰੀਕੇ ਨਾਲ ਹੋਈ ਹੈ ਅਤੇ ਇਸ ਦੌਰਾਨ ਕਿਸੇ ਕਿਸਮ ਦਾ ਕੋਈ ਵੀ ਧੱਕੇਸ਼ਾਹੀ ਨਹੀਂ ਕੀਤੀ ਗਈ।

# ਨਗਰ ਕੌਂਸਲ ਪ੍ਰਧਾਨ ਖਰੜ ਵਲੋਂ ਨਵੇਂ ਟਿਊਬਵੈੱਲ ਲਗਾਉਣ ਦਾ ਕੀਤਾ ਉਦਘਾਟਨ



ਖਰੜ, (ਕਾਲਾ ਸਿੰਘ ਸੈਣੀ )-ਸਥਾਨਕ ਸ਼ਹਿਰ ਦੇ ਵਾਰਡ ਨੰਬਰ 12 ਅਤੇ 15 ਵਿਚ ਲੱਗਣ ਵਾਲੇ ਸਾਂਝੇ ਟਿਊਬਵੈੱਲ ਦਾ ਉਦਘਾਟਨ ਨਗਰ ਕੌਂਸਲ ਪ੍ਰਧਾਨ ਬੀਬਾ ਜਸਪ੍ਰੀਤ ਕੌਰ ਲੌਂਗੀਆ ਵਲੋਂ ਕੀਤਾ ਗਿਆ। ਇਸ ਦੱਸਿਆ ਕਿ ਸ਼ਹਿਰ ਅੰਦਰ 14 ਟਿਊਬਵੈੱਲ ਮਨਜ਼ੂਰ ਕੀਤੇ ਗਏ ਹਨ। ਜਿਨਾਂ ਵਿੱਚੋਂ ਇਹ 12 ਵਾਂ ਟਿਊਬਵੈੱਲ ਲਗਾਉਣ ਦਾ ਉਦਘਾਟਨ ਕੀਤਾ ਗਿਆ ਹੈ। ਉਨਾਂ ਕਿਹਾ ਕਿ ਸ਼ਹਿਰ ਅੰਦਰ ਵਿਕਾਸ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਵਾਏ ਜਾ ਰਹੇ ਹਨ। ਇਸ ਮੌਕੇ ਕੌਂਸਲਰ ਮੇਹਰ ਕੌਰ ਅਤੇ ਰਾਜਵੀਰ ਸਿੰਘ ਰਾਜੀ ਵਲੋਂ ਨਗਰ ਕੌਂਸਲਰ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਾਰਡਾਂ ਦੀ ਪਾਣੀ ਦੀ ਸਮੱਸਿਆ ਦਾ ਹੱਲ ਹੋ ਜਾਵੇਗਾ। ਇਸ ਮੌਕੇ ਕੌਂਸਲਰ ਮੇਹਰ ਕੌਰ,ਸਮਾਜ ਸੇਵੀ ਧਨਵੰਤ ਸਿੰਘ ਛਿੰਦਾ,ਸਮਾਜ ਸੇਵੀ ਪਰਮਿੰਦਰ ਸਿੰਘ ਲੌਂਗੀਆ,ਛੱਜਾ ਸਿੰਘ,ਰਾਮ ਕੁਮਾਰ,ਦਰਸ਼ਨ ਸਿੰਘ ਸਮੇਤ ਸਮੂਹ ਵਾਰਡ ਨਿਵਾਸੀ ਹਾਜ਼ਰ ਸਨ।

# ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਵਿੱਚ ਹਾਰਟ ਕੇਅਰ ਸੈਂਟਰ ਦੀ ਸੁਵਿਧਾ ਦਾ ਉਦਘਾਟਨ ਕੀਤਾ ਗਿਆ



ਫਗਵਾੜਾ (ਸੁਸ਼ੀਲ ਸ਼ਰਮਾ ) ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਟਰੱਸਟ ਦੇ ਅਧੀਨ ਬੰਗਾ ਰੋਡ ਸਥਿਤ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਵਿਖੇ ਹਾਰਟ ਕੇਅਰ ਸੈਂਟਰ ਦਾ ਉਦਘਾਟਨ ਕੀਤਾ ਗਿਆ। ਜਿਸ ਵਿੱਚ ਦਿਲ ਦੀਆਂ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਇਲਾਜ ਕਾਰਡੀਓਲੋਜਿਸਟ ਡਾ.ਐਸ. ਪੀ.ਸੁਮਨ ਵੱਲੋਂ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਦੱਸਿਆ ਕਿ ਟਰੱਸਟ ਦਾ ਇਹ ਹਸਪਤਾਲ ਚੈਰੀਟੇਬਲ ਹੈ,ਇਸ ਲਈ ਦਿਲ ਦੀਆਂ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਇਲਾਜ ਬਹੁਤ ਘੱਟ ਰੇਟਾਂ ਤੇ ਕੀਤਾ ਜਾਵੇਗਾ। ਜਿਸ ਨਾਲ ਦਿਲ ਦੇ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਹਸਪਤਾਲ ਟਰੱਸਟ ਦਾ ਉਦੇਸ਼ ਇਸ ਹਸਪਤਾਲ ਨੂੰ ਹਰ ਤਰ੍ਹਾਂ ਦੀਆਂ ਬਿਮਾਰੀਆਂ ਲਈ ਪ੍ਰਭਾਵਸ਼ਾਲੀ ਅਤੇ ਸਸਤੀਆਂ ਇਲਾਜ ਸਹੂਲਤਾਂ ਨਾਲ ਲੈਸ ਕਰਨਾ ਹੈ। ਜਿਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਉਹ ਹਸਪਤਾਲ ਵਿੱਚ ਸਥਾਪਿਤ ਹਾਰਟ ਕੇਅਰ ਸੈਂਟਰ ਤੋਂ ਮਿਲਣ ਵਾਲੀਆਂ ਸਸਤੀਆਂ ਇਲਾਜ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਬਖਸ਼ੀਸ਼ ਰਾਮ ਧੀਮਾਨ,ਜਸਪਾਲ ਸਿੰਘ ਲਾਲ,ਸੁਰਿੰਦਰ ਪਾਲ ਧੀਮਾਨ,ਗੁਰਨਾਮ ਸਿੰਘ ਜੁਤਲਾ,ਭੁਪਿੰਦਰ ਸਿੰਘ ਜੰਡੂ,ਇੰਦਰਜੀਤ ਸਿੰਘ ਮਠਾੜੂ,ਨਰਿੰਦਰ ਸਿੰਘ ਭੱਚੂ,ਸੁਖਵਿੰਦਰ ਸਿੰਘ ਕੁੰਦੀ,ਅਮੋਲਕ ਸਿੰਘ ਝੀਤਾ,ਵਿਕਰਮ ਰੂਪਰਾਏ ਅਤੇ ਬਲਵਿੰਦਰ ਸਿੰਘ ਰਤਨ ਆਦਿ ਹਾਜ਼ਰ ਸਨ।

# ਗਣਤੰਤਰ ਦਿਵਸ ਮੌਕੇ ਕਰਵਾਏ ਜਾਣ ਵਾਲੇ ਸੱਭਿਆਚਾਰਕ ਪ੍ਰੋਗਰਾਮ ਦੀ ਹੋਈ ਪਹਿਲੀ ਰਿਹਰਸਲ



ਮਾਲੇਰਕੋਟਲਾ (ਕਿੰਮੀ ਅਰੋੜਾ,ਅਸਲਮ ਨਾਜ਼)

ਗਣਤੰਤਰ ਦਿਵਸ ਸਬੰਧੀ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੇਸ਼ ਕੀਤੇ ਜਾਣ ਵਾਲੇ ਸੱਭਿਆਚਾਰਕ ਪ੍ਰੋਗਰਾਮ ਦੀ ਪਹਿਲੀ ਰਿਹਰਸਲ ਸਥਾਨਕ ਡਾਕਟਰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਕਰਵਾਈ ਗਈ । ਇਸ ਦੌਰਾਨ ਸੱਭਿਆਚਾਰਕ ਗਤੀਵਿਧੀਆਂ ਦਾ ਜਾਇਜ਼ਾ ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ ਨੇ ਲਿਆ । ਇਸ ਮੌਕੇ ਵੱਖ ਵੱਖ ਸਕੂਲਾਂ ਦੇ ਨੁਮਾਇੰਦਿਆਂ ਤੋਂ ਇਲਾਵਾ ਪ੍ਰਿੰਸੀਪਲ ਆਰਤੀ ਗੁਪਤਾ, ਡਾ. ਮੀਨਾ ਕੁਮਾਰੀ, ਡਾ. ਸਲੀਮ ਜ਼ੁਬੇਰੀ ਵੀ ਮੌਜੂਦ ਸਨ ।

ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ ਨੇ ਰਿਹਰਸਲ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਗਣਤੰਤਰ ਦਿਵਸ ਦਾ ਸਮਾਗਮ ਦੇਸ਼ ਭਗਤੀ ਦੇ ਜਜ਼ਬੇ ਨਾਲ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਅਤੇ ਦੇਸ਼ ਭਗਤੀ ਨਾਲ ਸਬੰਧਤ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਇਸ ਮੌਕੇ ਸਕੂਲਾਂ ਦੇ ਪ੍ਰਬੰਧਕਾਂ/ਨੁਮਾਇੰਦਿਆਂ ਨੂੰ ਆਦੇਸ਼ ਦਿੱਤੇ ਕਿ ਪਾਈਆਂ ਗਈਆਂ ਖਾਮੀਆਂ ਅਗਲੀ ਸਾਂਝੀ ਰਿਹਰਸਲ ਤੱਕ ਦੂਰ ਕਰ ਲਈਆਂ ਜਾਣ । ਉਨ੍ਹਾਂ ਹੋਰ ਦੱਸਿਆ ਕਿ ਅਗਲੀ ਸੱਭਿਆਚਾਰਕ ਪ੍ਰੋਗਰਾਮ ਦੀ ਰਿਹਰਸਲ 20 ਜਨਵਰੀ ਨੂੰ ਅਤੇ ਫੁਲ ਡਰੈਸ ਰਿਹਰਸਲ 24 ਜਨਵਰੀ ਨੂੰ ਹੋਵੇਗੀ । ਅੱਜ ਦੀ ਪਹਿਲੀ ਰਿਹਰਸਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ,ਕੇ.ਐਮ.ਆਰ.ਡੀ.ਜੈਨ ਕਾਲਜ (ਲੜਕੀਆਂ),ਸੀਤਾ ਗਰਾਮਰ ਸਕੂਲ,ਸੋਹਰਾਬ ਪਬਲਿਕ ਸਕੂਲ,ਸਾਹਿਬਜਾਦਾ ਫਤਿਹ ਸਿੰਘ ਪਬਲਿਕ ਸਕੂਲ,ਐਸ.ਬੀ.ਐਮ.ਪਬਲਿਕ ਸਕੂਲ,ਡੀ.ਏ.ਵੀ ਪਬਲਿਕ ਸਕੂਲ ਅਤੇ ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ (ਲੜਕੇ)ਨੇ ਵੱਖ ਵੱਖ ਸਭਿਆਚਾਰਕ ਰਿਹਰਸਲ ਵਿੱਚ ਭਾਗ ਲਿਆ ।

# ਕੌਮੀ ਸੜਕ ਸੁਰੱਖਿਆ ਮਹੀਨੇ ਤਹਿਤ ਬੱਸ ਚਾਲਕਾਂ ਨੂੰ ਕੀਤਾ ਜਾਗਰੂਕ





ਧੂਰੀ , (ਲੋਕ ਬਾਣੀ)- ਕੌਮੀ ਸੜਕ ਸੁਰੱਖਿਆ ਮਹੀਨੇ ਤਹਿਤ ਚੱਲ ਰਹੀਆਂ ਜਾਗਰੂਕਤਾ ਗਤੀਵਿਧੀਆਂ ਤਹਿਤ ਅੱਜ ਰਿਜਨਲ ਟਰਾਂਸਪੋਰਟ ਅਫਸਰ ਮਨਜੀਤ ਕੌਰ ਅਤੇ ਪੀਆਰਟੀਸੀ ਦੇ ਜਨਰਲ ਮੈਨੇਜਰ ਜਤਿੰਦਰਪਾਲ ਸਿੰਘ ਗਰੇਵਾਲ ਦੇ ਸਹਿਯੋਗ ਨਾਲ ਟਰੈਫਿਕ ਪੁਲਿਸ ਵੱਲੋਂ ਬੱਸ ਚਾਲਕਾਂ ਨੂੰ ਸੰਘਣੀ ਧੁੰਦ ਦੌਰਾਨ ਵਾਹਨ ਚਲਾਉਂਦੇ ਸਮੇਂ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਕੰਡਕਟਰਾਂ ਅਤੇ ਡਰਾਇਵਰਾਂ ਨੂੰ ਟਰੈਫਿਕ ਪੁਲਿਸ ਦੇ ਬੁਲਾਰਿਆਂ ਨੇ ਸੁਚੇਤ ਕੀਤਾ ਅਤੇ ਸੜਕਾਂ ਉੱਪਰ ਹੋਣ ਵਾਲੇ ਐਕਸੀਡੈਂਟ ਤੋਂ ਬਚਾਅ ਦੇ ਨੁਕਤੇ ਸਾਂਝੇ ਕੀਤੇ। ਇਸ ਤੋਂ ਇਲਾਵਾ ਪੀਆਰਟੀਸੀ, ਸੰਗਰੂਰ ਡਿਪੂ ਦੀਆਂ ਬੱਸਾਂ ਉੱਪਰ ਰਿਫਲੈਕਟਰ ਵੀ ਲਗਾਏ ਗਏ। ਇਸ ਮੌਕੇ ਤੇ ਪੀਆਰਟੀਸੀ ਵੱਲੋਂ ਸੁਨੀਤਾ ਰਾਣੀ (ਸੁਪਰੰਡਟ), ਰਮਨ ਕੁਮਾਰ (ਰਿਟਾ. ਏ.ਸੀ.ਐਫ.ਏ), ਸੰਗਰੂਰ ਵੱਲੋਂ ਪਵਨ ਕੁਮਾਰ ( ਜ਼ਿਲ੍ਹਾਂ ਟ੍ਰੈਫਿਕ ਇੰਚਾਰਜ), ਗੁਰਬਖਸ਼ ਸਿੰਘ (ਚੀਫ ਇੰਸਪੈਕਟਰ), ਹਰਸਿਮਰਤ ਸਿੰਘ (ਐਸ.ਐਸ.ਆਈ), ਗੋਬਿੰਦਰ ਸਿੰਘ (ਇੰਚਾਰਜ ਬੱਸ ਸਟੈਂਡ ਸੰਗਰੂਰ), ਮੱਖਣ ਸਿੰਘ (ਡਿਊਟੀ ਇੰਸਪੈਕਟਰ) ਅਤੇ ਆਰ.ਟੀ.ਏ ਦਫਤਰ ਦੇ ਧਰਵਿੰਦਰ ਸਿੰਘ (ਸਟੈਨੋਟਾਈਪਿਸਟ), ਪਵਨ ਕੁਮਾਰ (ਜੂਨੀਅਰ ਸਹਾਇਕ), ਪੰਕਜ ਸ਼ਰਮਾ ( ਜੂਨੀਅਰ ਸਹਾਇਕ), ਸ਼੍ਰੀ ਗੁਰਜੀਤ ਸਿੰਘ (ਏ.ਐਸ.ਆਈ), ਊਧਮ ਸਿੰਘ (ਹੈੱਡ ਕਾਂਸਟੇਬਲ) ਅਤੇ ਪੁਲਿਸ ਥਾਣਾ, ਗੁਰਜੀਤ ਸਿੰਘ (ਏ.ਐਸ.ਆਈ), ਸ਼੍ਰੀ ਬਲਵਿੰਦਰ ਸਿੰਘ (ਏ.ਐਸ.ਆਈ) ਹਾਜਰ ਸਨ ।

# ਸਵ ਸ.ਪਰਮਜੀਤ ਸਿੰਘ ਦੀਆਂ ਅੱਖਾਂ ਨਾਲ ਰੌਸ਼ਨ ਹੋਣਗੀਆਂ ਦੋ ਜ਼ਿੰਦਗੀਆਂ

ਫ਼ਗਵਾੜਾ (ਸੁਸ਼ੀਲ ਸ਼ਰਮਾ) ਬੀਤੇ ਦਿਨੀ ਫਗਵਾੜਾ ਵਿਖੇ ਇਕ ਸੜਕ ਹਾਦਸੇ ਵਿਚ ਇਕ ਨੌਜਵਾਨ ਦੀ ਮੌਤ ਹੋ ਗਈ।ਉਹਨਾ ਦੇ ਇਸ ਤਰ੍ਹਾਂ ਚਲੇ ਜਾਣ ਤੋਂ ਬਾਅਦ ਪਰਿਵਾਰ ਨੂੰ ਬਹੁਤ ਵੱਡਾ ਸਦਮਾਂ ਲੱਗਾ ਲੇਕਿਨ ਪਰਿਵਾਰ ਨੇ ਇਸ ਦੁੱਖ ਦੀ ਘੜੀ ਵਿਚ ਅਤੇ ਸਮਾਜ ਦੇ ਭਲੇ ਲਈ ਉਹਨਾ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਅਤੇ ਡਾ.ਪਰਮਜੀਤ ਕੌਰ ਐਮਰਜੈਂਸੀ ਮੈਡੀਕਲ ਅਫਸਰ,ਸਿਵਲ ਹਸਪਤਾਲ ਫਗਵਾੜਾ ਅਤੇ ਸ਼੍ਰੀ ਅਸ਼ੋਕ ਮਹਿਰਾ,ਇੰਟਰਨੈਸ਼ਨਲ ਕੋਆਰਡੀਨੇਟਰ,ਪੁਨਰਜੋਤ ਆਈ ਬੈਂਕ ਦੇ ਸਹਿਯੋਗ ਨਾਲ ਪੁਨਰਜੋਤ ਆਈ ਬੈਂਕ ਲੁਧਿਆਣਾ ਨੂੰ ਅੱਖਾਂ ਦਾਨ ਕੀਤੀਆਂ।



ਅੱਖ ਦਾਨੀ ਸਵ ਸ.ਪਰਮਜੀਤ ਸਿੰਘ ਦੇ ਪਰਿਵਾਰ ਦਾ ਇਸ ਵੱਡਮੁਲੇ ਯੋਗਦਾਨ ਨਾਲ ਦੋ ਦ੍ਰਿਸ਼ਟੀਹੀਣ ਇਨਸਾਨਾਂ ਦੀ ਜਿੰਦਗੀ ਦੁਬਾਰਾ ਰੋਸ਼ਨ ਹੋਵੇਗੀ। ਪਰਿਵਾਰਿਕ ਮੈਂਬਰਾਂ ਅਨੁਸਾਰ ਸਾਨੂੰ ਆਪਣੇ ਮਿੱਤਰ ਪਿਆਰੇ ਦੇ ਵਿਛੋੜੇ ਤੋਂ ਬਾਅਦ ਉਸ ਦੇ ਜਿਉਂਦੇ ਅੰਗਾਂ ਨੂੰ ਅਗਨ ਭੇਟ ਜਾਂ ਦਫਨਾਉਣ ਦੀ ਵਜਾਏ ਉਨ੍ਹਾਂ ਨੂੰ ਕਿਸੇ ਲੋੜਵੰਦ ਇਨਸਾਨ ਲਈ ਦਾਨ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਉਹ ਲੋੜਵੰਦ ਇਨਸਾਨ ਜੋ ਏਨਾ ਅੰਗਾਂ ਦੀ ਘਾਟ ਕਰਕੇ ਨਿਰਾਸ਼ ਬੈਠੇ ਹਨ ਉਨ੍ਹਾਂ ਦੀ ਨਿਰਾਸ਼ਾ ਨੂੰ ਦੂਰ ਕੀਤਾ ਜਾ ਸਕੇ ਅਤੇ ਉਹ ਵੀ ਇਸ ਦੁਨੀਆ ਦਾ ਆਨੰਦ ਮਾਣ ਸਕਣ।

ਰੋਜ਼ਾਨਾ ਲੋਕ ਬਾਣੀ
www.lokbani

ਸ਼੍ਰੀ ਅਸ਼ੋਕ ਮਹਿਰਾ ਨੇ ਅੱਖਦਾਨੀ ਪਰਿਵਾਰ ਦਾ ਧੰਨਵਾਦ ਕੀਤਾ ਅਤੇ ਲੋਕ ਨੂੰ ਅਪੀਲ ਕੀਤੀ ਕਿ ਕੋਰੋਨਾ ਮਹਾਂਮਾਰੀ ਕਾਰਨ ਅੱਖਾਂ ਦਾਨ ਦੀ ਮੁਹਿੰਮ ਵਿਚ ਕਾਫੀ ਗਿਰਾਵਟ ਆਈ ਹੈ ਸੋ ਹੁਣ ਦੋਬਾਰਾ ਇਸ ਮੁਹਿੰਮ ਨੂੰ ਤੁਹਾਡੇ ਸਹਿਯੋਗ ਦੀ ਲੋੜ ਹੈ। ਆਓ ਇਸ ਅੱਖਾਂ ਦਾਨ ਮੁਹਿੰਮ ਨਾਲ ਜੁੜੀਏ ਅਤੇ ਉਹਨਾਂ ਦ੍ਰਿਸ਼ਟੀਹੀਣ ਇਨਸਾਨਾਂ ਨੂੰ ਇਸ ਰੰਗਲੀ ਦੁਨੀਆਂ ਦੇਖਣ ਦਾ ਮੌਕਾ ਪ੍ਰਦਾਨ ਕਰੀਏ।

ਡਾ.ਰਮੇਸ਼ ਮੈਡੀਕਲ ਡਾਇਰੈਕਟਰ ਪੁਨਰਜੋਤ ਆਈ ਬੈਂਕ ਸੁਸਾਇਟੀ, ਲੁਧਿਆਣਾ ਨੇ ਦੱਸਿਆ ਕਿ ਪਿਛਲੇ 30 ਸਾਲਾਂ ਤੋਂ ਪੰਜਾਬ ਵਿੱਚ ਡਾਕਟਰ ਸਾਹਿਬਾਨਾਂ ਅਤੇ ਪੈਰਾ ਮੈਡੀਕਲ ਸਟਾਫ, ਗੈਰ ਸਰਕਾਰੀ ਸਵੈ ਸੇਵੀ ਸੰਸਥਾਵਾਂ,ਮੀਡੀਆ ਅਤੇ ਪੰਜਾਬ ਸਰਕਾਰ ਦੇ ਆਪਸੀ ਸਹਿਯੋਗ ਨਾਲ ਇੱਕ ਰੋਲ ਮਾਡਲ ਦੇ ਤੌਰ ਤੇ ਪੁਨਰਜੋਤ ਅੱਖ ਬੈਂਕ ਵੱਲੋਂ ਅੱਖਾਂ ਦਾਨ ਮਹਾਂ ਦਾਨ ਦੀ ਮੁਹਿੰਮ ਚਲਾਈ ਜਾ ਰਹੀ ਹੈ।

# ਜ਼ਿਲ੍ਹਾ ਪ੍ਰਸ਼ਾਸਨ ਨੇ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਭਰਥ ਕਾਜੀ ਚੱਕ ਵਿਖੇ ਵਿਸ਼ੇਸ਼ ਕੈਂਪ ਲਗਾਇਆ

ਦੀਨਾਨਗਰ, ( ਡਾ ਰਮੇਸ਼ ਸਰੰਗਲ ) – ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਆਮ ਲੋਕਾਂ ਨੂੰ ਸਰਕਾਰੀ ਸਕੀਮਾਂ/ਸਹੂਲਤਾਂ ਦਾ ਲਾਭ ਉਨ੍ਹਾਂ ਦੇ ਘਰਾਂ ਨੇੜੇ ਹੀ ਉਪਲਬਧ ਕਰਵਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਵੱਖ-ਵੱਖ ਥਾਈਂ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਤਹਿਸੀਲ ਦੀਨਾਨਗਰ ਦੇ ਪਿੰਡ ਭਰਥ ਕਾਜੀ ਚੱਕ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਤਹਿਤ ਵਿਸ਼ੇਸ਼ ਕੈਂਪ ਲਗਾਇਆ ਗਿਆ।




ਰੋਜ਼ਾਨਾ ਲੋਕ ਬਾਣੀ
www.lokbani

ਇਸ ਕੈਂਪ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਆਈ.ਏ.ਐੱਸ., ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਜਸਪਿੰਦਰ ਸਿੰਘ ਆਈ.ਏ.ਐੱਸ. ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਉਨ੍ਹਾਂ ਦੇ ਹੱਲ ਦੇ ਨਿਰਦੇਸ਼ ਦਿੱਤੇ। ਕੈਂਪ ਦੌਰਾਨ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਬਾਰੇ ਦੱਸਣ ਦੇ ਨਾਲ ਜਿਹੜੀਆਂ ਸੇਵਾਵਾਂ ਮੌਕੇ ਉੱਪਰ ਦਿੱਤੀਆਂ ਜਾ ਸਕਦੀ ਸਨ ਉਨ੍ਹਾਂ ਦਾ ਯੋਗ ਲਾਭਪਾਤਰੀਆਂ ਨੂੰ ਲਾਭ ਵੀ ਦਿੱਤਾ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਅਤੇ ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਜਸਪਿੰਦਰ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ, ਪਿੰਡ ਭਰਥ ਕਾਜੀ ਚੱਕ ਦੇ ਦੁਪਹਿਰ ਦੇ ਖਾਣੇ ਨੂੰ ਚੈੱਕ ਕੀਤਾ ਗਿਆ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਪਿੰਡ ਦੇ ਛੱਪੜ, ਸ਼ਮਸ਼ਾਨ ਘਾਟ ਅਤੇ ਹੋਰ ਵਿਕਾਸ ਕਾਰਜਾਂ ਦਾ ਨਿਰੀਖਣ ਵੀ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਪੂਰੇ ਜ਼ਿਲ੍ਹੇ ਵਿੱਚ ਸਰਕਾਰ ਤੁਹਾਡੇ ਪ੍ਰੋਗਰਾਮ ਤਹਿਤ ਕੈਂਪ ਲਗਾਏ ਜਾ ਰਹੇ ਅਤੇ ਕੈਂਪ ਲਗਾਉਣ ਦਾ ਇਹ ਸਿਲਸਲਾ ਅੱਗੇ ਵੀ ਜਾਰੀ ਰਹੇਗਾ।

# ਡਿਪਟੀ ਕਮਿਸ਼ਨਰ ਲੁਧਿਆਣਾ ਵੱਲੋਂ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਦੌਰਾ



ਰੋਜ਼ਾਨਾ ਲੋਕ ਬਾਣੀ
www.lokbani

ਲੁਧਿਆਣਾ, (ਸੁਖਚੈਨ ਮਹਿਰਾ ,ਨਰੇਸ਼ ਹੰਸ) - ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਵੱਲੋਂ ਵੀਰਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਆਗਾਮੀ ਹਲਵਾਰਾ ਹਵਾਈ ਅੱਡੇ ਦੀ ਟਰਮੀਨਲ ਸਾਈਟ ਤੇ ਸਿਵਲ ਕਾਰਜ਼ 100 ਫੀਸਦ ਮੁਕੰਮਲ ਹੋ ਚੁੱਕੇ ਹਨ।

ਲੋਕ ਨਿਰਮਾਣ ਵਿਭਾਗ, ਪਲਲਿਕ ਹੈਲਥ, ਪੀ.ਐਸ.ਪੀ.ਸੀ.ਐਲ., ਏ.ਏ.ਆਈ., ਐਨ.ਐਚ.ਏ.ਆਈ., ਡਰੇਨੇਜ ਅਤੇ ਸਾਈਟ ਤੇ ਠੇਕੇਦਾਰ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਜੋਰਵਾਲ ਨੇ ਕਿਹਾ ਕਿ ਆਈ.ਏ.ਐਫ. ਕੈਂਪਸ ਤੇ ਕੁਝ ਆਖਰੀ ਮੀਲ ਸੰਪਰਕ ਦੇ ਕੰਮਾਂ ਦੀ ਗਤੀ ਵੀ ਤੇਜ਼ ਕਰ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਸ਼ਾਸਨ ਇਨ੍ਹਾਂ ਕੰਮਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਲਈ ਆਈ.ਏ.ਐਫ. ਨਾਲ ਲਗਾਤਾਰ ਸੰਪਰਕ ਵਿੱਚ ਹੈ। ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਅੰਦਰੂਨੀ ਸੜਕਾਂ, ਜਨਤਕ ਸਿਹਤ ਸੇਵਾਵਾਂ, ਕੈਂਪਸ ਲਾਈਟਿੰਗ, ਟਰਮੀਨਲ ਬਿਲਡਿੰਗ, ਪਾਵਰ ਸਬ-ਸਟੇਸ਼ਨ, ਟਾਇਲਟ ਬਲਾਕ ਅਤੇ ਪਾਰਕਿੰਗ ਦਾ ਨਿਰਮਾਣ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ।

ਡਿਪਟੀ ਕਮਿਸ਼ਨਰ ਵੱਲੋਂ ਉਡਾਣ ਸੰਚਾਲਨ ਬਾਰੇ ਵੀ ਗੱਲਬਾਤ ਕੀਤੀ ਗਈ ਅਤੇ ਕਿਹਾ ਕਿ ਏਅਰ ਇੰਡੀਆ ਪਹਿਲਾਂ ਹੀ ਹਲਵਾਰਾ ਹਵਾਈ ਅੱਡੇ ਦੇ ਅਧਿਕਾਰਤ ਤੌਰ ਤੇ ਚਾਲੂ ਹੋਣ ਅਤੇ ਸਾਰੀਆਂ ਲੋੜੀਂਦੀਆਂ ਰੈਗੂਲੇਟਰੀ ਪ੍ਰਵਾਨਗੀਆਂ ਪ੍ਰਾਪਤ ਕਰਨ ਤੋਂ ਬਾਅਦ ਉਡਾਨਾਂ ਸ਼ੁਰੂ ਕਰਨ ਲਈ ਸਹਿਮਤ ਹੋ ਗਈ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਹਵਾਈ ਅੱਡਾ ਇੱਕ ਆਰਥਿਕ ਉਤਪ੍ਰੇਰਕ ਹੋਵੇਗਾ ਜੋ ਉਦਯੋਗਿਕ ਵਿਕਾਸ, ਨਿਰਯਾਤ, ਰੋਜ਼ਗਾਰ, ਰੀਅਲ ਅਸਟੇਟ ਅਤੇ ਹੋਰਾਂ ਨੂੰ ਹੁਲਾਰਾ ਦੇਵੇਗਾ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com